ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 28 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੧੬ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## SKM ਨਹੀਂ ਚਾਹੁੰਦਾ ਸੰਘਰਸ਼, ਸਾਨੂੰ ਅਨਾੜੀ ਕਹਿ ਕੇ ਦਰਕਾਇਆ

# ਪੰਧੇਰ ਨੇ ਜਥੇਬੰਦੀਆਂ ਨਾਲ ਹੋਈਆਂ ਮੀਟਿੰਗਾਂ ਦੇ ਖੋਲ੍ਹੇ ਰਾਜ

**ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਜਥੇਬੰਦੀਆਂ ਦੇ ਦਿੱਲੀ ਕੂਚ ਦੇ ਸੱਦੇ ਵਿੱਚ ਸੰਯੁਕਤ ਕਿਸਾਨ ਮੋਰਚੇ ਦੀ ਸ਼ਮੂਲੀਅਤ ਨਾ ਹੋਣ ਨੂੰ ਲੈ ਕੇ ਲਗਾਤਾਰ ਸਵਾਲ ਉੱਠ ਰਹੇ ਸਨ ਜਿਸ ਤੋਂ ਬਾਅਦ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਬਕਾਇਦਾ ਤਾਰੀਕਾਂ ਤੇ ਸਥਾਨ ਦਾ ਜ਼ਿਕਰ ਕਰ ਦੱਸਿਆ ਕਿ ਉਨ੍ਹਾਂ ਨੇ ਮੋਰਚੇ ਦੇ ਕਿਸਾਨ ਆਗੂਆਂ ਨਾਲ ਇਸ ਬਾਰੇ ਕਈ ਵਾਰ ਗੱਲ ਕੀਤੀ ਹੈ ਪਰ ਉਨ੍ਹਾਂ ਵੱਲੋਂ ਕਦੇਂ ਵੀ ਸੰਘਰਸ਼ ਦੀ ਹਿਮਾਇਤ ਨਹੀਂ ਕੀਤੀ ਗਈ। ਦਰਅਸਲ ਕਿਸਾਨ ਜਥੇਬੰਦੀਆਂ ਵਿੱਚ ਮੱਤਭੇਦ ਖ਼ਤਮ ਹੋਣ ਦਾ ਨਾਮ ਨਹੀਂ ਲੈ ਰਹੇ, ਸਗੋਂ ਜਥੇਬੰਦੀਆਂ ਵਿਚਾਲੇ ਇਹ ਖਾਈ ਹੋਰ ਡੂੰਘੀ ਹੋ ਰਹੀ ਹੈ। ਹੁਣ ਸਰਵਣ ਸਿੰਘ ਪੰਧੇਰ ਨੇ ਸੰਯੁਕਤ ਕਿਸਾਨ ਮੋਰਚਾ ਨੂੰ ਜਵਾਬ ਦਿੱਤਾ ਹੈ ਕਿ ਪਿਛਲੇ ਦਿਨਾਂ ਵਿੱਚ SKM ਨੇ ਕਿਹਾ ਸੀ ਕਿ ਦਿੱਲੀ ਕੂਚ ਦਾ ਪ੍ਰੋਗਰਾਮ ਕੁਝ ਜਥੇਬੰਦੀਆਂ ਵੱਲੋਂ ਬਿਨ੍ਹਾਂ ਕਿਸੇ ਵਿਚਾਰ ਚਰਚਾ ਦੇ ਲਿਆ ਗਿਆ ਹੈ, ਪਰ ਹੁਣ ਸਰਵਣ ਪੰਧੇਰ ਨੇ ਸੰਯੁਕਤ ਕਿਸਾਨ ਮੋਰਚਾ ਦੇ ਇਨ੍ਹਾਂ ਦਾਅਵਿਆਂ ਨੂੰ ਖਾਰਿਜ ਕੀਤਾ ਹੈ। ਉਨ੍ਹਾਂ ਇੱਕ-ਇੱਕ ਕਰਕੇ ਦਿੱਲੀ ਕੂਚ ਤੋਂ ਪਹਿਲਾਂ ਉਨ੍ਹਾਂ ਤਮਾਮ ਲੀਡਰਾਂ ਅਤੇ ਜਥੇਬੰਦੀਆਂ ਨਾਲ ਹੋਈ ਚਰਚਾ ਬਾਰੇ ਦੱਸਿਆ ਹੈ। ਪੰਧੇਰ ਨੇ ਕਿਹਾ ਕਿ SKM ਕਾਰਨ ਹੀ ਅੰਦੋਲਨ 'ਚ ਦੇਰੀ ਹੋਈ ਹੈ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪਤਾ ਚੱਲ ਗਿਆ ਸੀ ਕਿ SKM ਦੀ ਸਥਿਤੀ ਸੰਘਰਸ਼ ਕਰਨ ਦੀ ਨਹੀਂ, ਇਸ ਤੋਂ ਬਾਅਦ ਹੀ ਉਨ੍ਹਾਂ ਡੱਲੇਵਾਲ ਦੀ ਜਥੇਬੰਦੀ ਨਾਲ ਮਿਲ ਕੇ ਦਿੱਲੀ ਕੂਚ ਦਾ ਫੈਸਲਾ ਲਿਆ ਹੈ। ਦਰਅਸਲ ਇਸ ਤੋਂ ਪਹਿਲਾਂ ਸੰਯੁਕਤ ਕਿਸਾਨ ਮੋਰਚਾ ਨੇ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਚੱਲ ਰਹੇ ਅੰਦੋਲਨ ਤੋਂ ਖੁਦ ਨੂੰ ਵੱਖ ਕਰ ਲਿਆ ਸੀ। ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਤੇ ਹਰਿਆਣ ਦੀਆਂ ਜਥੇਬੰਦੀਆਂ ਨਾਲ 13 ਮੀਟਿੰਗਾਂ ਕੀਤੀਆਂ ਹਨ ਪਰ ਉਨ੍ਹਾਂ ਦੀਆਂ ਗੱਲਾਂ ਤੋਂ ਪਤਾ ਲੱਗਿਆ ਕਿ ਉਹ ਇਸ ਨੂੰ ਲੈ ਕੇ ਕੋਈ ਸਥਿਤੀ ਸਪੱਸ਼ਟ ਨਹੀਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਅਸੂਲਾਂ ਦੇ ਆਧਾਰ ਉੱਤੇ ਸਮਝੌਤਾ ਕਰਨਾ ਚਾਹੁੰਦੇ ਸੀ ਪਰ ਉਨ੍ਹਾਂ ਨੇ ਇਸ ਦਾ ਸਾਥ ਨਹੀਂ ਦਿੱਤਾ। ਐਸਕੇਐਮ ਵੱਲੋਂ ਕਿਹਾ ਗਿਆ ਕਿ ਤੁਸੀਂ ਅਨਾੜੀ ਹੋ ਤੇ ਕਦੇ ਵੀ ਦੇਸ਼ ਵਿੱਚ 50 ਸਾਲ ਤੱਕ ਵੱਡਾ ਅੰਦੋਲਨ ਨਹੀਂ ਹੁੰਦਾ।






## ਪ੍ਰੋ: ਦਵਿੰਦਰਪਾਲ ਸਿੰਘ ਭੁੱਲਰ ਨੂੰ ਗਾਜ਼ੀਆਬਾਦ ਦੀ ਅਦਾਲਤ ਨੇ 1994 ਦੇ ਕੇਸ ਵਿੱਚ ਕੀਤਾ ਬਰੀ

**ਨਵੀਂ ਦਿੱਲੀ 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਗਾਜ਼ੀਆਬਾਦ ਦੀ ਇੱਕ ਅਦਾਲਤ ਨੇ ਅੱਜ ਸਿੱਖ ਸਿਆਸੀ ਕੈਦੀ ਪ੍ਰੋ: ਦਵਿੰਦਰਪਾਲ ਸਿੰਘ ਭੁੱਲਰ ਨੂੰ 1994 ਦੇ ਇੱਕ ਕੇਸ ਵਿੱਚ ਬਰੀ ਕਰ ਦਿੱਤਾ ਹੈ। ਪ੍ਰੋ: ਡੀ.ਪੀ.ਐੱਸ. ਭੁੱਲਰ ਜੋ ਪੈਰੋਲ 'ਤੇ ਹਨ, ਅੱਜ ਆਪਣੇ ਵਕੀਲ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਦੇ ਨਾਲ ਗਾਜ਼ੀਆਬਾਦ ਜ਼ਿਲ੍ਹਾ ਅਦਾਲਤ ਵਿੱਚ ਨਿੱਜੀ ਤੌਰ 'ਤੇ ਪੇਸ਼ੀ 'ਤੇ ਹਾਜ਼ਰ ਹੋਏ। ਅਦਾਲਤ ਨੇ ਇਸ ਕੇਸ ਦਾ ਫੈਸਲਾ ਰਾਖਵਾਂ ਰੱਖ ਲਿਆ ਸੀ। ਐਡਵੋਕੇਟ ਜਸਪਾਲ ਸਿੰਘ ਮੰਝਪੁਰ ਨੇ ਇਕ ਮੀਡੀਆ ਨਾਲ ਗੱਲ ਕਰਦਿਆਂ ਦੱਸਿਆ ਕਿ ਇਹ ਕੇਸ ਪ੍ਰੋ: ਦਵਿੰਦਰਪਾਲ ਸਿੰਘ ਭੁੱਲਰ ਵਿਰੁੱਧ ਆਖਰੀ ਵਾਰ ਲੰਬਿਤ ਕੇਸ ਸੀ, ਪ੍ਰੋ ਭੁੱਲਰ 1993 ਦੇ ਦਿੱਲੀ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਹਨ। ਜਿਕਰਯੋਗ ਹੈ ਕਿ ਐਫਆਈਆਰ ਨੰਬਰ 219/1994 ਅੱਧੀਨ ਇਸ ਨੂੰ ਗਾਜ਼ਿਆਬਾਦ ਦੇ ਕਵੀ ਨਗਰ ਥਾਣੇ ਅੰਦਰ ਦਰਜ਼ ਕੀਤਾ ਗਿਆ ਸੀ ਤੇ ਪ੍ਰੋ ਭੁੱਲਰ ਇਸ ਮਾਮਲੇ ਅੰਦਰ 2001 ਤੋਂ ਜਮਾਨਤ ਤੇ ਚਲ ਰਹੇ ਸਨ ।



## ਪੰਜਾਬੀ ਗੀਤਕਾਰ ਬੰਟੀ ਬੈਂਸ ਨੂੰ ਜਾਨੋਂ ਮਾਰਨ ਦੀ ਧਮਕੀ, ਜਾਣੋ ਕੀ ਹੈ ਮਾਮਲਾ

**ਜਲੰਧਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇਸ ਵੇਲੇ ਦੀ ਵੱਡੀ ਖ਼ਬਰ ਆ ਰਹੀ ਹੈ ਕਿ ਪੰਜਾਬੀ ਗੀਤਕਾਰ ਬੰਟੀ ਬੈਂਸ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਦੱਸਿਆ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਇਹ ਧਮਕੀ ਲੱਕੀ ਪਟਿਆਲ ਨਾਂ ਦੇ ਗੈਂਗਸਟਰ ਵਲੋਂ ਦਿੱਤੀ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਬੰਟੀ ਬੈਂਸ ਨੂੰ ਰੰਗਦਾਰੀ ਦੇ ਮਾਮਲੇ 'ਚ ਲੱਕੀ ਪਟਿਆਲ ਵਲੋਂ ਧਮਕੀ ਦਿੱਤੀ ਗਈ ਹੈ। ਹਾਲਾਂਕਿ ਇਸ ਤੋਂ ਪਹਿਲਾਂ ਵੀ ਕਈ ਵਾਰ ਬੰਟੀ ਬੈਂਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਚੁੱਕੀਆਂ ਹਨ। ਦੱਸਣਯੋਗ ਹੈ ਕਿ ਬੰਟੀ ਬੈਂਸ ਹਮੇਸ਼ਾ ਹੀ ਨਵੇਂ-ਨਵੇਂ ਕਲਾਕਾਰਾਂ ਨੂੰ ਲਾਂਚ ਕਰਨ ਤੇ ਇੰਡਸਟਰੀ 'ਚ ਡਿਫਰੈਂਟ ਕੰਮ ਕਰਨ ਲਈ ਜਾਣੇ ਜਾਂਦੇ ਹਨ। ਹੁਣ ਤੱਕ ਬੰਟੀ ਕਈ ਅਜਿਹੇ ਚਿਹਰਿਆਂ ਨੂੰ ਲਾਂਚ ਕਰ ਚੁੱਕੇ ਹਨ, ਜੋ ਇਸ ਵੇਲੇ ਦੇ ਵੱਡੇ ਸਟਾਰ ਹਨ। ਬੰਟੀ ਬੈਂਸ ਆਪਣੇ ਪ੍ਰੋਜੈਕਟਸ ਨਾਲ ਦਰਸ਼ਕਾਂ ਨੂੰ ਹਰ ਵਾਰ ਸਰਪ੍ਰਾਈਜ਼ ਕਰਦੇ ਹਨ। ਜਦੋਂ ਇਸ ਪੂਰੇ ਮਾਮਲੇ ਦੀ ਤਹਿ ਤੱਕ ਜਾਣ ਲਈ ਬੰਟੀ ਬੈਂਸ ਨੂੰ ਫੋਨ ਕੀਤਾ ਗਿਆ ਤਾਂ ਉਨ੍ਹਾਂ ਨੇ ਪੂਰੀ ਘਟਨਾ ਨੂੰ ਵਿਸਥਾਰ ਨਾਲ ਬਿਆਨ ਕੀਤਾ। ਉਨ੍ਹਾਂ ਨੇ ਦੱਸਿਆ ਇਸ ਤਰ੍ਹਾਂ ਦੀਆਂ ਧਮਕੀਆਂ ਮੈਨੂੰ ਪਹਿਲਾਂ ਵੀ ਕਈ ਵਾਰ ਮਿਲ ਚੁੱਕੀਆਂ ਹਨ। ਰਾਤ 1 ਵਜੇ ਦੇ ਕਰੀਬ ਮੇਰੇ ਘਰ ਦੇ ਬਾਹਰ ਫਾਈਰਿੰਗ ਵੀ ਕੀਤੀ ਗਈ। ਲੱਕੀ ਪਟਿਆਲ ਨਾਂ ਦਾ ਗੈਂਗਸਟਰ ਮੇਰੇ ਕੋਲੋਂ 1 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕਰ ਰਿਹਾ ਸੀ।




## ਇਟਲੀ 'ਚ ਪੰਜਾਬਣ ਨੇ ਵਧਾਇਆ ਮਾਣ, ਜੇਨੋਆ ਯੂਨੀਵਰਸਿਟੀ ਤੋਂ ਡਿਗਰੀ ਪ੍ਰਾਪਤ ਕਰਨ ਵਾਲੀ ਬਣੀ ਪਹਿਲੀ ਸਿੱਖ ਕੁੜੀ



**ਮਿਲਾਨ/ਇਟਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇਟਲੀ ਵਿੱਚ ਪੰਜਾਬੀਆਂ ਨੇ ਮਿਹਨਤਾਂ ਕਰਕੇ ਵੱਡੀਆ ਮੱਲਾਂ ਮਾਰੀਆਂ ਹਨ। ਇਸੇ ਤਰ੍ਹਾਂ ਇਟਲੀ ਦੇ ਲਗੁਰੀਆ ਸਟੇਟ ਵਿੱਚ ਪੈਂਦੇ ਜੇਨੋਆ ਸ਼ਹਿਰ ਨਾਲ ਸੰਬੰਧਤ ਪੰਜਾਬਣ ਵਰਿੰਦਰ ਕੌਰ ਨੇ ਜੇਨੋਆ ਯੂਨੀਵਰਸਿਟੀ ਤੋਂ 93 ਫ਼ੀਸਦੀ ਨਾਲ ਅਰਥ ਸ਼ਾਸ਼ਤਰ ਅਤੇ ਵਪਾਰ (ਡਿਪਾਰਟਮੈਂਟ ਆਫ ਇਕਨਾਮਿਕਸ ਐਂਡ ਬਿਜਨੈੱਸ) ਦੀ ਡਿਗਰੀ ਪ੍ਰਾਪਤ ਕਰਕੇ ਦੇਸ਼, ਸਿੱਖ ਕੌਮ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਦਿੱਤਾ ਹੈ। ਪੰਜਾਬ ਦੇ ਮਾਡਲ ਟਾਊਨ (ਤਲਵਾੜਾ) ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਵਰਿੰਦਰ ਕੌਰ ਦੇ ਮਾਪਿਆਂ ਬਲਵਿੰਦਰ ਸਿੰਘ ਅਤੇ ਮਾਤਾ ਬਲਵਿੰਦਰ ਕੌਰ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ 27 ਸਾਲਾ ਧੀ ਪੜ੍ਹਾਈ ਵਿੱਚ ਹਮੇਸ਼ਾ ਹੀ ਅੱਗੇ ਰਹੀ ਹੈ। ਉਸਨੇ ਅਰਥ ਸ਼ਾਸ਼ਤਰ ਅਤੇ ਬਿਜਨੈੱਸ ਵਿੱਚ ਜੇਨੋਆ ਯੂਨੀਵਰਸਿਟੀ ਤੋਂ ਡਿਗਰੀ ਪ੍ਰਾਪਤ ਵਾਲੀ ਪਹਿਲੀ ਸਿੱਖ ਕੁੜੀ ਹੋਣ ਦਾ ਮਾਣ ਪ੍ਰਾਪਤ ਕੀਤਾ ਹੈ। ਇਟਲੀ ਭਰ ਵਿੱਚ ਵੱਸਦੇ ਸਾਕ-ਸਨੇਹੀਆਂ ਵਲੋਂ ਵਰਿੰਦਰ ਕੌਰ ਅਤੇ ਉਸਦੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ ਗਈ।


## ਲੁਧਿਆਣਾ 'ਚ ਵੱਡੀ ਗੈਂਗਵਾਰ, ਚੱਲੀਆਂ ਤਾਬੜਤੋੜ ਗੋਲ਼ੀਆਂ, ਨੌਜਵਾਨ ਦਾ ਕਤਲ

**ਲੁਧਿਆਣਾ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੈਂਗਸਟਰ ਸੁੱਖਾ ਬਾੜੇਵਾਲੀਆ ਦਾ ਕਤਲ ਕਰਨ ਵਾਲੇ ਮੁਲਜ਼ਮਾਂ ਨੇ ਉਕਤ ਮਾਮਲੇ ਦੇ ਗਵਾਹ ਦਾ ਗੋਲ਼ੀਆਂ ਮਾਰ ਕੇ ਕਰ ਦਿੱਤਾ। ਜਦਕਿ ਉਸਦਾ ਦੂਜਾ ਸਾਥੀ ਗੋਲੀ ਲੱਗਣ ਨਾਲ ਗੰਭੀਰ ਜ਼ਖਮੀ ਹੋ ਗਿਆ। ਮ੍ਰਿਤਕ ਦਾ ਨਾਂ ਸੂਰਜ ਸ਼ਰਮਾ ਉਰਫ ਬਾਬੂ ਹੈ ਅਤੇ ਜ਼ਖਮੀ ਦਾ ਨਾਂ ਹਰਪ੍ਰੀਤ ਸਿੰਘ ਜਗਰਾਓਂ ਹੈ, ਜੋ ਹਸਪਤਾਲ 'ਚ ਦਾਖਲ ਹੈ। ਇਸ ਮਾਮਲੇ ਵਿਚ ਪੁਲਸ ਮੁਲਜ਼ਮ ਗਰੁੱਪ ਦੇ ਗੈਂਗਸਟਰਾਂ ਖ਼ਿਲਾਫ਼ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸੂਤਰਾਂ ਮੁਤਾਬਕ ਦੇਵਾਂ ਪਾਸਿਓਂ ਤਾਬੜਤੋੜ ਗੋਲੀਆਂ ਚੱਲਣ ਕਾਰਣ ਇਲਾਕੇ ਵਿਚ ਸਹਿਮ ਦਾ ਮਾਹੌਲ ਬਣ ਗਿਆ। ਜਾਣਕਾਰੀ ਮੁਤਾਬਕ ਇਹ ਘਟਨਾ ਦੇਰ ਰਾਤ ਵਾਪਰੀ। ਪਿਛਲੇ ਸਾਲ ਸੁੱਖਾ ਬਾੜੇਵਾਲੀਆ ਦਾ ਉਸ ਦੇ ਸਾਥੀਆਂ ਨੇ ਹੀ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਸੂਰਜ ਸ਼ਰਮਾ ਉਕਤ ਮਾਮਲੇ ਦਾ ਮੁੱਖ ਗਵਾਹ ਸੀ। ਮੁਲਜ਼ਮਾਂ ਨੇ ਕੇਸ ਵਿਚ ਬਚਣ ਲਈ ਦੇਰ ਰਾਤ ਮੁੱਖ ਗਵਾਹ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ। ਸੂਚਨਾ ਤੋਂ ਬਾਅਦ ਪੀ. ਏ. ਯੂ. ਪੁਲੀਸ ਮੌਕੇ 'ਤੇ ਪਹੁੰਚ ਗਈ।

## ਕੋਟਕਪੂਰਾ ਗੋਲੀਕਾਂਡ : ਸੁਖਬੀਰ ਬਾਦਲ ਤੇ ਸੈਣੀ ਨੇ ਸਿਆਸੀ ਲਾਹਾ ਲੈਣ ਲਈ ਰਚੀ ਸਾਜ਼ਿਸ਼, SIT ਨੇ ਕੀਤਾ ਦਾਅਵਾ

**ਕੋਟਕਪੂਰਾ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਾਲ 2015 'ਚ ਬੇਅਦਬੀ ਮਾਮਲੇ ਨਾਲ ਜੁੜੇ ਕੋਟਕਪੂਰਾ ਗੋਲੀਕਾਂਡ 'ਚ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਡੀਜੀਪੀ ਸੁਮੇਧ ਸੈਣੀ ਵੱਲੋਂ ਸਿਆਸੀ ਲਾਹਾ ਲੈਣ ਲਈ ਸਾਜਿਸ਼ ਰਚੀ ਗਈ ਸੀ। ਇਸ ਮਾਮਲੇ 'ਚ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਵੱਲੋਂ ਸੋਮਵਾਰ ਨੂੰ ਜ਼ਿਲ੍ਹਾ ਮੈਜਿਸਟਰੇਟ ਅਜੈ ਪਾਲ ਸਿੰਘ ਦੀ ਅਦਾਲਤ 'ਚ ਪੇਸ਼ ਕੀਤੇ ਗਏ ਪੰਜਵੇਂ ਸਪਲੀਮੈਂਟਰੀ ਚਲਾਨ ਵਿੱਚ ਇਹ ਦਾਅਵਾ ਕੀਤਾ ਗਿਆ ਹੈ।





ਏਡੀਜੀਪੀ ਐਲ. ਕੇ. ਯਾਦਵ ਦੀ ਅਗਵਾਈ ਵਾਲੀ ਐੱਸ. ਆਈ. ਟੀ. ਦੇ ਤਿੰਨ ਮੈਂਬਰਾਂ ਦੇ ਦਸਤਖਤਾਂ ਹੇਠ ਤਿਆਰ ਕੀਤੀ ਗਈ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਸੁਖਬੀਰ ਸਿੰਘ ਬਾਦਲ ਅਤੇ ਸੁਮੇਧ ਸਿੰਘ ਸੈਣੀ ਨੇ ਡੇਰਾ ਪ੍ਰੇਮੀਆਂ ਨੂੰ ਖੁਸ਼ ਕਰਨ ਅਤੇ ਚੋਣਾਂ ਵਿੱਚ ਵੋਟਾਂ ਬਟੋਰਨ ਲਈ ਇਹ ਸਾਜ਼ਿਸ਼ ਰਚੀ ਸੀ। ਅਦਾਲਤ 'ਚ ਕੇਸ ਨੰਬਰ 129 'ਚ 130 ਪੰਨਿਆਂ ਅਤੇ ਕੇਸ ਨੰਬਰ 92 'ਚ 81 ਪੰਨਿਆਂ 'ਚ ਪੇਸ਼ ਕੀਤੇ ਗਏ ਪੰਜਵੇਂ ਸਪਲੀਮੈਂਟਰੀ ਚਲਾਨ 'ਚ ਅ ਐੱਸ.ਆਈ.ਟੀ. ਨੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਸਾਬਕਾ ਡੀਜੀਪੀ ਸੁਮੇਧ ਸੈਣੀ, ਸਾਬਕਾ ਆਈਜੀ ਪਰਮਰਾਜ ਸਿੰਘ ਉਮਰਾਨੰਗਲ, ਤਤਕਾਲੀ ਐੱਸ.ਐੱਸ.ਪੀ. ਫਰੀਦਕੋਟ ਸੁਖਮਿੰਦਰ ਸਿੰਘ ਮਾਨ ਅਤੇ ਸਿਟੀ ਥਾਣਾ ਕੋਟਕਪੂਰਾ ਦੇ ਸਾਬਕਾ ਐੱਸ.ਐੱਚ.ਓ. ਗੁਰਦੀਪ ਸਿੰਘ ਨੂੰ ਮੁਲਜ਼ਮ ਬਣਾਇਆ ਗਿਆ ਹੈ। ਟੀਮ ਨੇ ਜਾਂਚ ਰਿਪੋਰਟ, ਫੋਰੈਂਸਿਕ ਰਿਪੋਰਟ, ਘਟਨਾ ਦੌਰਾਨ ਵਰਤੇ ਗਏ ਅਸਲੇ ਦੀ ਬੈਲਿਸਟਿਕ ਰਿਪੋਰਟ, ਗਵਾਹਾਂ ਦੀ ਸੂਚੀ ਅਤੇ ਹੋਰ ਦਸਤਾਵੇਜ਼ ਅਦਾਲਤ ਨੂੰ ਸੌਂਪ ਦਿੱਤੇ ਹਨ। ਅਦਾਲਤ ਨੇ ਮੁਲਜ਼ਮਾਂ ਨੂੰ ਨੋਟਿਸ ਜਾਰੀ ਕਰਕੇ 1 ਮਾਰਚ ਨੂੰ ਅਦਾਲਤ ਵਿੱਚ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਇਸੇ ਦਿਨ ਬਹਿਬਲ ਕਲਾਂ ਗੋਲੀ ਕਾਂਡ ਦੀ ਸੁਣਵਾਈ ਵਧੀਕ ਸੈਸ਼ਨ ਜੱਜ ਰਾਜੀਵ ਕਾਲੜਾ ਦੀ ਅਦਾਲਤ ਵਿੱਚ ਹੋਣੀ ਹੈ। ਦੱਸ ਦੇਈਏ ਕਿ ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀ ਕਾਂਡ ਦੀ ਜਾਂਚ ਏ.ਡੀ.ਜੀ.ਪੀ. ਐੱਲ. ਕੇ ਯਾਦਵ ਦੀ ਅਗਵਾਈ ਵਾਲੀ ਐੱਸ.ਆਈ.ਟੀ ਕਰ ਰਹੀ ਹੈ। ਐੱਸ.ਆਈ.ਟੀ ਨੇ ਇਸ ਤੋਂ ਪਹਿਲਾਂ ਤਤਕਾਲੀ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਸਮੇਤ ਸੱਤ ਮੁਲਜ਼ਮਾਂ ਖ਼ਿਲਾਫ਼ ਅਦਾਲਤ 'ਚ 7,100 ਪੰਨਿਆਂ ਦੀ ਚਾਰਜਸ਼ੀਟ ਦਾਖ਼ਲ ਕੀਤੀ ਹੈ। 14 ਅਕਤੂਬਰ 2015 ਨੂੰ ਕੋਟਕਪੂਰਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਵਿਰੋਧ 'ਚ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ 'ਤੇ ਪੁਲਸ ਨੇ ਗੋਲੀਆਂ ਚਲਾ ਦਿੱਤੀਆਂ ਸਨ। ਜਿਸ ਦਾ ਦੋਸ਼ ਹੈ ਕਿ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਲੋਕਾਂ 'ਤੇ ਪੁਲਸ ਨੇ ਗੋਲੀਬਾਰੀ ਕੀਤੀ, ਜਿਸ 'ਚ ਕੁਝ ਲੋਕ ਜ਼ਖਮੀ ਵੀ ਹੋਏ।

## ਲੋਕ ਸਭਾ ਚੋਣਾਂ : 'ਆਪ' ਨੇ ਦਿੱਲੀ-ਹਰਿਆਣਾ 'ਚ ਕੀਤਾ ਉਮੀਦਵਾਰਾਂ ਦਾ ਐਲਾਨ

**ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਦੀ ਤਿਆਰੀ ਕਰ ਰਹੀ ਆਮ ਆਦਮੀ ਪਾਰਟੀ ਨੇ ਦਿੱਲੀ ਵਿੱਚ ਆਪਣੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਹੈ। ਇਸ ਵਾਰ ਆਮ ਆਦਮੀ ਪਾਰਟੀ 'ਇੰਡੀਆ' ਗਠਜੋੜ ਦਾ ਹਿੱਸਾ ਹੈ ਅਤੇ ਇਹ ਰਾਸ਼ਟਰੀ ਰਾਜਧਾਨੀ ਵਿੱਚ ਕਾਂਗਰਸ ਨਾਲ ਗਠਜੋੜ ਕਰਕੇ ਚੋਣਾਂ ਲੜਨ ਜਾ ਰਹੀ ਹੈ। ਇਸ ਦੇ ਮੱਦੇਨਜ਼ਰ ਦੋਵਾਂ ਪਾਰਟੀਆਂ ਵਿਚਾਲੇ ਸੀਟਾਂ ਦੀ ਵੰਡ ਪਹਿਲਾਂ ਹੀ ਹੋ ਚੁੱਕੀ ਹੈ, ਜਿਸ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ 4 ਸੀਟਾਂ 'ਤੇ ਅਤੇ ਕਾਂਗਰਸ 3 ਸੀਟਾਂ 'ਤੇ ਚੋਣ ਲੜਨ ਜਾ ਰਹੀ ਹੈ। 'ਆਪ' ਨੇ ਆਪਣੇ ਚਾਰੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਹੈ। ਆਮ ਆਦਮੀ ਪਾਰਟੀ ਦੇ ਐਲਾਨ ਮੁਤਾਬਕ ਨਵੀਂ ਦਿੱਲੀ ਤੋਂ ਸੋਮਨਾਥ ਭਾਰਤੀ, ਪੱਛਮੀ ਦਿੱਲੀ ਤੋਂ ਮਹਾਬਲ ਮਿਸ਼ਰਾ, ਪੂਰਬੀ ਦਿੱਲੀ ਤੋਂ ਕੁਲਦੀਪ ਕੁਮਾਰ ਅਤੇ ਦੱਖਣੀ ਦਿੱਲੀ ਤੋਂ ਸਹੀਰਾਮ ਨੂੰ ਉਮੀਦਵਾਰ ਬਣਾਇਆ ਗਿਆ ਹੈ। ਚਾਰੋਂ ਉਮੀਦਵਾਰ ਆਮ ਆਦਮੀ ਪਾਰਟੀ ਦੇ ਪੁਰਾਣੇ ਵਰਕਰ ਅਤੇ ਆਗੂ ਰਹੇ ਹਨ। ਹੁਣ ਪਾਰਟੀ ਨੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਲਈ ਉਨ੍ਹਾਂ 'ਤੇ ਭਰੋਸਾ ਪ੍ਰਗਟਾਇਆ ਹੈ। ਦੱਸ ਦੇਈਏ ਕਿ ਇਸ ਤੋਂ ਇਲਾਵਾ ਸੁਸ਼ੀਲ ਗੁਪਤਾ ਹਰਿਆਣਾ ਦੇ ਕੁਰੂਕਸ਼ੇਤਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹੋਣਗੇ।

## ਈ. ਡੀ. ਨੇ ਕੇਜਰੀਵਾਲ ਨੂੰ 8ਵੀਂ ਵਾਰ ਭੇਜਿਆ ਸੰਮਨ, 4 ਮਾਰਚ ਨੂੰ ਪੁੱਛਗਿੱਛ ਲਈ ਬੁਲਾਇਆ


**ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਕਥਿਤ ਆਬਕਾਰੀ ਨੀਤੀ ਘੁਟਾਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਪੁੱਛਗਿੱਛ ਲਈ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਅੱਠਵੀਂ ਵਾਰ ਸੰਮਨ ਜਾਰੀ ਕੀਤਾ ਹੈ। ਅਧਿਕਾਰਤ ਸੂਤਰਾਂ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਸੂਤਰਾਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ 4 ਮਾਰਚ ਨੂੰ ਇੱਥੇ ਏਜੰਸੀ ਦੇ ਮੁੱਖ ਦਫ਼ਤਰ ਆਉਣ ਲਈ ਕਿਹਾ ਗਿਆ ਹੈ। ਕੇਜਰੀਵਾਲ (55) ਇਸ ਮਾਮਲੇ ਦੀ ਜਾਂਚ ਦੇ ਸਿਲਸਿਲੇ 'ਚ ਸੋਮਵਾਰ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਸਾਹਮਣੇ ਪੇਸ਼ ਨਹੀਂ ਹੋਏ। ਇਹ ਸੱਤਵੀਂ ਵਾਰ ਹੈ ਜਦੋਂ ਕੇਜਰੀਵਾਲ ਇਨਫੋਰਸਮੈਂਟ ਡਾਇਰੈਕਟੋਰੇਟ ਦੇ ਸੰਮਨ 'ਤੇ ਏਜੰਸੀ ਦੇ ਸਾਹਮਣੇ ਪੇਸ਼ ਨਹੀਂ ਹੋਏ ਹਨ।






ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ 'ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ 'ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ AWAZE QAUM International Newspaper & WEB TV




# ਮਾਇਆ ਇਕੱਠੀ ਕਰਨ ਵਾਸਤੇ ਬਾਣਾ ਪਾਉਣ ਵਾਲੇ ਲੋਕ

ਪਹਿਲੇ ਸਮਿਆਂ ਚ ਗੁਰੂ ਦਾ ਬਖਸ਼ਿਆ ਬਾਣਾ ਕੇਵਲ ਉਹੀ ਲੋਕ ਪਾਉਂਦੇ ਸਨ ਜਿੰਨਾਂ ਨੂੰ ਹੱਕ ਸੱਚ ਤੇ ਚੱਲਣ ਦਾ ਸੇਵਾ ਸਿਮਰਨ ਕਰਨ ਦਾ ਚਾਉ ਹੁੰਦਾ ਸੀ ਦੁਨੀਆਂ ਦੇ ਲੋਕ ਉਹਨਾਂ ਦਾ ਸਤਿਕਾਰ ਕਰਦੇ ਸੀ ਉਹਨਾਂ ਵੱਲੋਂ ਕੀਤੇ ਜਾਂਦੇ ਹਰੇਕ ਕਾਰਜਾਂ ਨੂੰ ਤਨ ਮਨ ਧਨ ਨਾਲ ਸਮਰਥਨ ਦਿੱਤਾ ਜਾਂਦਾ ਸੀ ਪਰ ਇਹ ਵੀ ਸੱਚ ਹੈ ਕਿ ਅਸਲ ਦੀ ਨਕਲ ਵੀ ਪੈਦਾ ਹੁੰਦੀ ਏ ਜੋ ਕਈ ਵਾਰ ਵਕਤੀ ਤੌਰ ਤੇ ਏਨੀ ਅਸਲ ਲੱਗਦੀ ਏ ਕਿ ਅਸਲ ਚੀਜ਼ ਨੂੰ ਵੀ ਧੁੰਦਲਾ ਪਾ ਦੇਂਦੀ ਏ ਲੋਕ ਕੁੱਛ ਸਮੇਂ ਵਾਸਤੇ ਨਕਲ ਨੂੰ ਅਸਲ ਤੇ ਅਸਲ ਨੂੰ ਨਕਲ ਸਮਝਣ ਦਾ ਭੁਲੇਖਾ ਵੀ ਖਾ ਜਾਂਦੇ ਹਨ। ਇਹੋ ਜਿਹਾ ਵਰਤਾਰਾ ਸਿੱਖ ਕੌਮ ਚ ਵੀ ਪਿੱਛਲੇ ਕੁੱਛ ਸਮੇਂ ਤੋਂ ਦੇਖਣ ਨੂੰ ਮਿਲ ਰਿਹਾ ਏ ਕੁੱਛ ਚਲਾਕ ਲੋਕ ਕੁੱਛ ਸ਼ਰਾਰਤੀ ਲੋਕ ਕੁੱਛ ਠੱਗ ਲੋਕ ਗੁਰੂ ਸਾਹਿਬ ਵੱਲੋਂ ਬਖਸ਼ੇ ਬਾਣੇਂ ਨੂੰ ਆਪਣੇ ਮਨੋਰਥ ਸਿੱਧ ਕਰਨ ਵਾਸਤੇ ਵਰਤ ਰਹੇ ਹਨ ਮਨੋਰਥ ਇਹੀ ਕਿ ਖ਼ੁੱਦ ਨੂੰ ਆਗੂ ਦਰਸਾ ਕੇ ਸੂਰਮੇਂ ਦਰਸਾ ਕੇ ਕੌਮ ਦੇ ਹਮਦਰਦ ਵਿਖਾ ਕੇ ਭਿੰਨ ਭਿੰਨ ਤਰੀਕਿਆਂ ਨਾਲ ਸਿੱਖ ਸੰਗਤਾਂ ਕੋਲੋਂ ਮਾਇਆ ਇਕੱਠੀ ਕਰਨ ਦਾ ਯਤਨ ਕਰਨਾ ਤੇ ਤੁਸੀਂ ਹੈਰਾਨ ਹੋਵੋਗੇ ਕਿ ਕਈ ਲੋਕ ਸਿੱਖ ਸੰਗਤਾਂ ਨੂੰ ਗੁੰਮਰਾਹ ਕਰਕੇ ਆਪਣੇ ਕੰਮ ਚ ਸਫਲ ਹੁੰਦੇ ਵੀ ਰਹੇ ਹਨ ਹੋ ਵੀ ਰਹੇ ਹਨ ਤੇ ਭਵਿੱਖ ਚ ਵੀ ਉਹ ਇਹ ਯਤਨ ਕਰਦੇ ਰਹਿਣਗੇ ॥ ਬਾਣੇਂ ਦੀ ਦੁਰਵਰਤੋਂ ਕਰਨ ਵਾਲੇ ਇਹ ਲੋਕ ਹਮੇਸ਼ਾਂ ਇਸੇ ਤਾਕ ਚ ਰਹਿੰਦੇ ਹਨ ਕਿ ਸਾਡੇ ਹੱਥ ਕੋਈ ਐਸਾ ਮਸਲਾ ਆਵੇ ਜਿਸ ਕਾਰਨ ਸਿੱਖ ਸੰਗਤਾਂ ਦੀ ਨਜ਼ਰ ਸਾਡੇ ਤੇ ਟਿਕ ਜਾਵੇ ਕਈ ਵਾਰ ਇਹ ਠੱਗ ਤੇ ਸ਼ਰਾਰਤੀ ਲੋਕ ਖ਼ੁੱਦ ਹੀ ਕੋਈ ਮਸਲਾ ਖੜਾ ਕਰਕੇ ਖ਼ੁੱਦ ਹੀ ਉਸਨੂੰ ਹੱਲ ਕਰਨ ਦਾ ਸਿਹਰਾ ਆਪਣੇ ਸਿਰ ਬੰਨ ਲੈਂਦੇ ਹਨ ਜਾਂ ਫਿਰ ਕਿਸੇ ਕੌਮੀ ਮਸਲੇ ਵਾਸਤੇ ਹੋ ਰਹੇ ਸੰਘਰਸ਼ ਜਾਂ ਪ੍ਰਦਰਸ਼ਨ ਚ ਵੀ ਤੁਹਨੂੰ ਇਹੋ ਜਿਹੇ ਲੋਕ ਸਰਗਰਮੀ ਨਾਲ ਵਿਚਰਦੇ ਨਜ਼ਰੀਂ ਪੈ ਜਾਣਗੇ ਸ਼ਰਤ ਇਹੀ ਆ ਤੁਹਾਡੇ ਕੋਲ ਇਹਨਾਂ ਨੂੰ ਪਛਾਨਣ ਵਾਲੀ ਅੱਖ ਹੋਣੀਂ ਚਾਹੀਦੀ ਆ ॥ ਬਾਣੇਂ ਦੀ ਦੁਰਵਰਤੋਂ ਕਰਨ ਵਾਲੇ ਲੋਕ ਹਮੇਸ਼ਾਂ ਇਹੀ ਸੋਚਦੇ ਹਨ ਕਿ ਸਿੱਖ ਸੰਗਤਾਂ ਦੀਆਂ ਜੇਬਾਂ ਵਿੱਚੋਂ ਕਿਵੇਂ ਨਾ ਕਿਵੇਂ ਵੱਧ ਤੋਂ ਵੱਧ ਮਾਇਆ ਕਢਵਾਈ ਜਾਵੇ ਆਪਣੀਆਂ ਜੇਬਾਂ ਭਰੀਆਂ ਜਾਣ ਐਸ਼ ਭਰਿਆ ਜੀਵਨ ਬਤੀਤ ਕੀਤਾ ਜਾਵੇ ਇਹ ਕਿਸੇ ਸਿੱਖ ਨਾਲ ਗੱਲਬਾਤ ਕਰਦੇ ਸਮੇਂ ਅਕਸਰ ਬੜੀ ਚਲਾਕੀ ਨਾਲ ਗੱਲ ਮਾਇਆ ਵੱਲ ਲੈ ਤੁਰਦੇ ਹਨ ॥ ਇਹ ਠੱਗ ਲੋਕ ਅਕਸਰ ਹਰੇਕ ਪੰਥਕ ਸੰਸਥਾ ਜਾਂ ਜਥੇਬੰਦੀ ਨੂੰ ਨਿੰਦਦੇ ਭੰਡਦੇ ਨਜ਼ਰ ਆਉਂਦੇ ਹਨ ਜਿਵੇਂ ਇਹ ਜ਼ਾਹਰ ਕੀਤਾ ਜਾ ਸਕੇ ਕਿ ਕੌਮ ਦਾ ਸਾਰਾ ਫਿਕਰ ਸਾਨੂੰ ਹੀ ਏ ਹੋਰ ਤਾਂ ਸਭ ਅਵੇਸਲੇ ਹੋਏ ਬੈਠੇ ਹਨ ਪਰ ਜਦੋਂ ਇਹਨਾਂ ਠੱਗਾਂ ਨੇ ਮਾਇਆ ਇਕੱਠੀ ਕਰਨੀ ਹੋਵੇ ਜਾਂ ਕਰ ਲਈ ਹੋਵੇ ਤਾਂ ਇਹ ਕਿਸੇ ਨਾ ਕਿਸੇ ਤਰੀਕੇ ਕੌਮ ਚ ਫੁੱਟ ਪਾ ਕੇ ਕੌਮ ਨੂੰ ਧੜਿਆਂ ਚ ਵੰਡਣ ਦਾ ਕੰਮ ਕਰਦੇ ਹਨ ਫਿਰ ਇਹ ਪੰਥਕ ਜਥੇਬੰਦੀਆਂ ਸੰਸਥਾਵਾਂ ਜਥੇਦਾਰਾਂ ਨੂੰ ਆਪਹੁਦਰੇ ਡਿਕਟੇਟਰ ਤੇ ਜ਼ਾਲਮ ਸਿੱਧ ਕਰਕੇ ਖ਼ੁੱਦ ਨਿਮਾਣੇ ਤੇ ਭੋਲੇ ਭਾਲੇ ਹੋਣ ਦਾ ਡਰਾਮਾ ਕਰਦੇ ਹਨ ਕਈ ਵਾਰ ਇੱਥੋਂ ਤੱਕ ਪੈਂਤੜਾ ਖੇਡ ਜਾਂਦੇ ਹਨ ਕਿ ਅਸੀਂ ਇਹਨਾਂ ਪੰਥਕ ਸੰਸਥਾਵਾਂ ਤੋਂ ਤੰਗ ਆ ਕੇ ਧਰਮ ਹੀ ਤਿਆਗ ਦੇਣ ਲੱਗੇ ਹਾਂ ਬਾਣੇਂ ਦਾ ਤਿਆਗ ਕਰ ਦੇਣ ਲੱਗੇ ਹਾਂ ਕਈ ਤਾਂ ਕੇਸ ਤੱਕ ਕਤਲ ਕਰਵਾ ਜਾਂਦੇ ਹਨ॥ ਕਈ ਠੱਗ ਲੋਕ ਪੰਥਕ ਸੰਸਥਾਵਾਂ ਦੇ ਉਲਟ ਭੁਗਤਣ ਵਾਲੇ ਨਾਸਤਿਕ ਤੇ ਅਖਾਉਤੀ ਮਿਸ਼ਨਰੀ ਧੜਿਆਂ ਚੋਂ ਕਿਸੇ ਧੜੇ ਨਾਲ ਜੁੜਕੇ ਪੁਰਾਤਨ ਸਿੱਖ ਸੰਸਥਾਵਾਂ ਜਥੇਬੰਦੀਆਂ ਸੰਪਰਦਾਵਾਂ ਖਿਲਾਫ ਜ਼ਿਹਰ ਉਗਲਣ ਲੱਗਦੇ ਹਨ ਸੁਚੇਤ ਸਿੱਖ ਸੰਗਤਾਂ ਤਾਂ ਇਹਨਾਂ ਠੱਗਾਂ ਨੂੰ ਸਮੇਂ ਸਿਰ ਪਛਾਣ ਜਾਂਦੀਆਂ ਹਨ ਭੋਲੀਆਂ ਭਾਲੀਆਂ ਸੰਗਤਾਂ ਕੁੱਛ ਸਮੇਂ ਬਾਅਦ ਇਹਨਾਂ ਦੀਆਂ ਕਰਤੂਤਾਂ ਤੋਂ ਜਾਣੂੰ ਹੋ ਜਾਂਦੀਆਂ ਹਨ ਪਰ ਅਜੋਕੇ ਸਮੇਂ ਬਾਣੇ ਦੀ ਦੁਰਵਰਤੋਂ ਕਰਨ ਵਾਲੇ ਅਨੇਕਾਂ ਠੱਗ ਸਿੱਖੀ ਭੇਸ ਚ ਘੁੰਮ ਰਹੇ ਹਨ ਸ਼ਾਇਦ ਤੁਹਾਡੇ ਆਲੇ ਦੁਆਲੇ ਵੀ ਅਜਿਹਾ ਹੀ ਕੋਈ ਠੱਗ ਕੋਈ ਨਵਾਂ ਭਰਮਜਾਲ ਫੈਲਾ ਕੇ ਤੁਹਾਨੂੰ ਗੁੰਮਰਾਹ ਕਰਨ ਦੇ ਆਹਰ ਚ ਲੱਗਿਆ ਹੋਵੇ ॥



## ਵਿਚਾਰ ਆਪੋ-ਆਪਣਾ

**-ਹਰਪਾਲ ਸਿੰਘ ਅੰਮ੍ਰਿਤਸਰ**

ਆਵਾਜ਼ਿ ਕੌਮ AWAZE QAUM International Newspaper & WEB TV







# ਕਾਂਝਲਾ ਦੇ ਸਬ ਡਵੀਜ਼ਨ ਬਣਨ ਨਾਲ, ਲਗਦੇ ਦਸ ਪਿੰਡਾਂ ਨੂੰ ਵੀ ਸਹੂਲਤ ਮਿਲੇਗੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ




ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਸ,ਸੁਖਵੀਰ ਸਿੰਘ ਸੁੱਖੀ ਓਐਸਡੀ ਮੁੱਖ ਮੰਤਰੀ, ਪ੍ਰੋ, ਉਕਾਂਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਦੇ ਯਤਨਾਂ ਸਦਕਾ ਪਿੰਡ ਵਾਸੀਆਂ ਦੀ ਮੰਗ ਨੂੰ ਪੂਰਾ ਕਰਦਿਆਂ ਤਿੰਨ ਪਾਤਸਾਹਿਆ ਦੀ ਚਰਨ ਛੋਹ ਇਤਿਹਾਸਕ ਨਗਰ ਕਾਂਝਲਾ ਨੂੰ ਬਿਜਲੀ ਬੋਰਡ ਦੀ ਸਬ ਡਵੀਜਨ ਬਣਾ ਕੇ ਪਿੰਡ ਵਾਸਿਆ ਨੂੰ ਵੱਡਾ ਮਾਣ ਬਖਸਿਆ ਹੈ। ਜਿਸ ਦਾ ਉਦਘਾਟਨ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓ,ਐਸ,ਡੀ ਮੁੱਖ ਮੰਤਰੀ ਪੰਜਾਬ ਨੇ ਕੀਤਾ। ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਝਲਾ ਦੇ ਸਬ ਡਵੀਜ਼ਨ ਬਣਨ ਨਾਲ ਲਗਦੇ ਦਸ ਪਿੰਡਾਂ ਨੂੰ ਵੀ ਸਹੂਲਤ ਮਿਲੇਗੀ। ਅੰਤ ਵਿੱਚ ਸਰਪੰਚ ਅਮਨਦੀਪ ਸਿੰਘ ਕਾਂਝਲਾ, ਆਪ ਆਗੂ ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਧ ਸਿੰਘ ਕਾਂਝਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਸ,ਸੁਖਵੀਰ ਸਿੰਘ ਸੁੱਖੀ ਓਐਸਡੀ ਮੁੱਖ ਮੰਤਰੀ, ਪ੍ਰੋ, ਉਕਾਂਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਅਤੇ ਦਫਤਰ ਇੰਚਾਰਜ ਅੰਮ੍ਰਿਤ ਬਰਾੜ ਦਾ ਦਿਲ ਦੀਆਂ ਗਹਿਰਾਈਆਂ ਚੋਂ ਕੋਟਾਨ ਕੋਟ ਧੰਨਵਾਦ ਕੀਤਾ। ਇਸ ਮੌਕੇ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ, ਇੰਜ: ਏ,ਆਰ ਮਿੱਤਲ ਉਪ ਮੁੱਖ ਇੰਜਨੀਅਰ, ਐਕਸੀਅਨ ਧੂਰੀ ਇੰਦਰਜੀਤ ਸਿੰਘ, ਮੋਹਨਪਰੀਤ ਸਿੰਘ ਐਸ,ਡੀ,ਓ, ਆਪ ਆਗੂ ਸੁਖਵੰਤ ਸਿੰਘ ਬਾਲੀਆ, ਸ,ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਮਨਜੀਤ ਸਿੰਘ ਲੱਡਾ, ਨਰਪਿੰਦਰ ਸਿੰਘ ਕਾਂਝਲਾ, ਆਪ ਆਗੂ ਜਗਜੀਰ ਸਿੰਘ ਜੱਗਾ, ਕੁਲਵਿੰਦਰ ਸਿੰਘ ਸਿੱਧੂ ਹਸਨਪੁਰ, ਆਪ ਆਗੂ ਰਣਜੀਤ ਸਿੰਘ ਧੰਦੀਵਾਲ, ਆਪ ਆਗੂ ਸੇਵਕ ਲੱਡਾ,ਆਪ ਆਗੂ ਰਾਜੂ ਲੱਡਾ ਅਤੇ ਉੱਘੇ ਸਮਾਜ ਸੇਵੀ, ਬਲਾਕ ਪ੍ਰਧਾਨ ਗੁਰਜੀਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ


ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।





✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

## ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

## ਸਵ: ਸ: ਜੁਗਿੰਦਰ ਸਿੰਘ ਸੂਰਾਪੁਰੀ

(ਉਪ ਚੇਅਰਮੈਨ ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ) ਦੀ ਯਾਦ ਨੂੰ ਸਮਰਪਿਤ

# 26ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

**ਪ੍ਰੋਗਰਾਮ**


ਪੰਮਾ ਡੂੰਮੇਵਾਲੀਆ

ਮਿਤੀ : **3 ਮਾਰਚ 2024, ਦਿਨ ਐਤਵਾਰ ।**

ਸਮਾਂ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਸੰਯੋਗ ਕਮਿਊਨਿਟੀ ਹਾਲ, ਲਧਾਣਾ ਉੱਚਾ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ

ਮੁੱਖ ਮਹਿਮਾਨ : **ਸ: ਇੰਦਰਬੀਰ ਸਿੰਘ** (ਆਈ.ਪੀ.ਐਸ.), ਡੀ.ਆਈ. ਜੀ. ਐਡਮਨਿਸ਼ਟ੍ਰੇਸ਼ਨ ਪੀ.ਏ.ਪੀ. ਜਲੰਧਰ।

ਵਿਸ਼ੇਸ਼ ਮਹਿਮਾਨ:
- ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਭਾਈ ਘਨੱਈਆ ਜੀ ਚੈਰੀਟੇਬਲ ਟਰੱਸਟ, ਯੂਨੀਕ ਹੋਮ, ਜਲੰਧਰ ।
- ਸ: ਪਿਆਰਾ ਸਿੰਘ ਨੂਰਪੁਰੀ ਕਨੇਡਾ ।
- ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਨਵਾਂਸ਼ਹਿਰ ।॥ ਬੀ.ਡੀ.ਸੀ. ਨਵਾਂਸ਼ਹਿਰ ।
- ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ।
- ਐਸ. ਅਸ਼ੋਕ ਭੌਰਾ ਜਨਰਾਲਿਸਟ (ਉਘੇ ਕਾਲਮ ਨਵੀਸ) ਯੂ.ਐਸ.ਏ. ।

ਸਨਮਾਨਿਤ ਸੰਸਥਾਵਾਂ ਅਤੇ ਸ਼ਖਸੀਅਤਾਂ :
ਭਾਈ ਘਨੱਈਆ ਜੀ ਸੇਵਕ ਦਲ ਜਾਡਲਾ (ਜੋੜਿਆਂ ਦੀ ਫਰੀ ਸੇਵਾ)
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।

ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਵਿਸ਼ੇਸ਼ ਆਕਰਸ਼ਨ : ਪੰਜਾਬੀ ਗਾਇਕ ਸਮਾਜਿਕ ਪੱਖ ਨੂੰ ਉਭਾਰਨ ਵਾਲੇ, ਸੱਭਿਆਚਾਰ ਦੇ ਅਲੰਬਰਦਾਰ **ਪੰਮਾ ਡੂੰਮੇਵਾਲੀਆ** ਆਪਣਾ ਪ੍ਰੋਗਰਾਮ ਪੇਸ਼ ਕਰਨਗੇ ।

**ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ ।**

## ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਉਡੀਕਵਾਨ : **ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਨਗਰ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਠਲਾਵਾ ।**

ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ।
ਮੋਬਾ: 98153-48143, 98140-23547

ਆਵਾਜ਼ਿ ਕੌਮ AWAZE QAUM International Newspaper & WEB TV

# THE GURBANI SCHOOL

THE GURBANI SCHOOL

**ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।**

**LEARN THE CORRECT PRONUNCIATION OF GURBANI IN THE CONVENIENCE OF YOUR OWN HOME**

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

## INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

## 8 EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

## AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

## MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH




## ਗੁਰਦੁਆਰਾ ਬਾਬਾ ਜੀਵਨ ਸਿੰਘ ਪਿੰਡ ਵਡਾਲੀ ਡੋਗਰਾਂ ਵਿਖੇ ਲਗਾਏ ਗਏ ਗੁਰਮਤਿ ਕੈਂਪ 'ਚ

# ਬੱਚਿਆਂ ਨੂੰ ਗੁਰਮਤਿ ਪ੍ਰਤੀ ਸਵਾਲ ਜਵਾਬ ਕੀਤੇ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ : ਭਾਈ ਸੰਧੂ

**ਜੰਡਿਆਲਾ ਗੁਰੂ, 27 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਵਡਾਲੀ ਡੋਗਰਾਂ ਵਿਖੇ ਗੁਰਦੁਆਰਾ ਸਾਹਿਬ ਜੀ ਦੀ ਪ੍ਰਬੰਧਕ ਕਮੇਟੀ , ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿ.ਪਿੰਡ ਵਡਾਲੀ ਡੋਗਰਾਂ ਅਤੇ ਨਗਰ ਨਿਵਾਸੀ ਅਤੇ ਇਲਾਕੇ ਦੀ ਸਮੂਹ ਸਾਧ ਸੰਗਤਾਂ ਦੇ ਸਹਿਯੋਗ ਨਾਲ ਛੋਟੇ ਛੋਟੇ ਬੱਚਿਆਂ ਦੇ ਗੁਰਮਤਿ ਵਿੱਚ ਵਾਧੇ ਲਈ ਵਿਸ਼ੇਸ਼ ਗੁਰਮਿਤ ਸਮਾਗਮ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਕਰਵਾਇਆ ਗਿਆ ।ਜਿਸ ਵਿੱਚ ਗੁਰੂ ਸਾਹਿਬ ਜੀ ਦੀਆਂ ਅਸੀਸਾਂ ਲੈਣ ਲਈ 2.00 ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਗ੍ਰੰਥੀ ਭਾਈ ਅਵਤਾਰ ਸਿੰਘ ਜੀ ਵੱਲੋਂ ਆਰੰਭ ਕੀਤੇ ਗਏ । ਅਤੇ ਪਾਠ ਦੇ ਭੋਗ ਤੋਂ ਉਪਰੰਤ ਸ੍ਰ ਦਿਲਬਾਗ ਸਿੰਘ ਭਿੱਟੇਵੱਡ ਵੱਲੋਂ ਵੀਚਾਰਾਂ ਦੀ ਸਾਂਝ ਪਾਉਂਦਿਆਂ ਹੋਇਆਂ ਗੁਰਬਾਣੀ ਸ਼ੁੱਧ ਉਚਾਰਨ ਤੇ ਰਹਿਤ ਮਰਿਆਦਾ ਬਾਰੇ ਦੱਸਿਆ ਗਿਆ ਅਤੇ ਬੱਚਿਆਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ ।ਭਾਈ ਮਨਪ੍ਰੀਤ ਸਿੰਘ ਤਲਾਵੇ ਵਾਲਿਆਂ ਵੱਲੋਂ ਬੱਚਿਆਂ ਨਾਲ ਵੀਚਾਰ ਸਾਂਝੇ ਕਰਦਿਆਂ ਹੋਇਆਂ ਬੱਚਿਆਂ ਕੋਲੋਂ ਗੁਰਮਤਿ ਦੇ ਸਵਾਲ ਜਵਾਬ ਕੀਤੇ ਗਏ ਤੇ ਗੁਰਮਤਿ ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਡਲ ਦਿੱਤੇ ਗਏ। ਸੁਸਾਇਟੀ ਦੇ ਖਜ਼ਾਨਚੀ ਦਵਿੰਦਰਪਾਲ ਸਿੰਘ ਵੱਲੋਂ ਕਾਪੀਆਂ ਤੇ ਪੈਨ੍ਹ ਦਿੱਤੇ ਗਏ ਅਤੇ ਸਹਿਜ ਪਾਠ ਵਾਲੇ ਵੀਰ ਹਰਮੀਤ ਸਿੰਘ ਖਾਲਸਾ ਵੱਲੋਂ ਬੱਚਿਆਂ ਨੂੰ ਕਿਤਾਬਾਂ , ਸਿਮਰਨ ਅਭਿਆਸ ਕਰਨ ਲਈ ਮਾਲਾ, ਅਤੇ ਕੜੇ, ਕੰਘੇ ਦਿੱਤੇ ਗਏ , ਇਸ ਗੁਰਮਤਿ ਕੈਂਪ ਵਿੱਚ 45 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਅਤੇ ਆਏ ਹੋਏ ਗੁਰਮਤਿ ਸਮਾਗਮ ਵਿੱਚ ਸਿੰਘਾਂ ਵੱਲੋਂ ਰਿਜਲਟ ਕੱਢਿਆ ਗਿਆ ਜਿਸ ਵਿੱਚ ਗੁਲਸ਼ਨ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ, ਮਨਦੀਪ ਸਿੰਘ ਦੂਸਰਾ ਸਥਾਨ ਤੇ ਅਰਮਾਨਦੀਪ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ ਅਤੇ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਅਤੇ ਇਸ ਗੁਰਮਤਿ ਦੀ ਕਲਾਸ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਸਾਹਿਬ ਸਿੰਘ ਸੰਧੂ , ਮੀਤ ਪ੍ਰਧਾਨ ਸੰਦੀਪ ਸਿੰਘ ਮੌਜੀ , ਸਲਾਹਕਾਰ ਹਰਭਜਨ ਸਿੰਘ ਮੌਜੀ , ਮੈਂਬਰ ਜੋਬਨਬੀਰ ਸਿੰਘ , ਬਚਿੱਤਰ ਸਿੰਘ , ਅਨਮੋਲਦੀਪ ਸਿੰਘ , ਅਮਨਦੀਪ ਸਿੰਘ , ਸਲਾਹਕਾਰ ਗਿਆਨੀ ਸੁਰਜਨ ਸਿੰਘ , ਪਰਮਜੀਤ ਸਿੰਘ , ਸਾਹਿਬਜੀਤ ਸਿੰਘ , ਤਰਸੇਮ ਸਿੰਘ ਆਦਿ ਹਾਜ਼ਰ ਸਨ। ਇਸ ਸਮਾਗਮ ਵਿੱਚ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਜੀ ਵੱਲੋਂ ਹਾਜ਼ਰੀਆਂ ਭਰਨ ਵਾਲੀਆਂ ਸੰਗਤਾਂ ਤੇ ਬੱਚਿਆਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV








ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਦਿੱਲੀ ਕਮੇਟੀ ਦੇ ਪ੍ਰਬੰਧਕਾਂ ਨੂੰ ਅਦਾਲਤ ਵਲੋਂ ਦੋਸ਼ੀ ਠਹਿਰਾਣਾ, ਪ੍ਰਬੰਧਕਾਂ ਵਲੋਂ ਕਮੇਟੀ ਇਤਿਹਾਸ ਨੂੰ ਕਲੰਕਿਤ ਕਰਨਾ: ਰਾਣਾ/ ਸੋਨੂੰ

# ਅਦਾਲਤ ਵਲੋਂ ਕਮੇਟੀ ਮੈਂਬਰਾਂ ਦਾ ਫ਼ੰਡ ਅਤੇ ਹੋਰ ਸੇਵਾਵਾਂ 'ਤੇ ਰੋਕ

**ਨਵੀਂ ਦਿੱਲੀ, 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰ, ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਪਰਮਜੀਤ ਸਿੰਘ ਰਾਣਾ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਯੂਥ ਵਿੰਗ ਦੇ ਆਗੂ ਭਾਈ ਰਮਨਦੀਪ ਸਿੰਘ ਸੋਨੂੰ ਨੇ ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿਚ ਕਿਹਾ ਕਿ ਦਿੱਲੀ ਗੁਰਦਵਾਰਾ ਕਮੇਟੀ ਲਈ ਬੀਤਿਆ ਦਿਹਾੜਾ ਕਮੇਟੀ ਦੇ ਇਤਿਹਾਸ ਅੰਦਰ ਕਾਲਾ ਦਿਨ ਕਹਾਇਆ ਜਾਏਗਾ ਕਿਉਂਕਿ ਇਸ ਦਿਨ ਅਦਾਲਤ ਵਲੋਂ ਦਿੱਲੀ ਕਮੇਟੀ ਦੇ ਪ੍ਰਧਾਨ, ਸਕੱਤਰ ਸਮੇਤ ਇਕ ਪ੍ਰਿੰਸੀਪਲ ਨੂੰ ਕਮੇਟੀ ਅੱਧੀਨ ਚੱਲਦੇ ਸਕੂਲਾਂ ਦੇ ਮਾਮਲੇ ਅੰਦਰ ਹਾਈਕੋਰਟ ਦੇ ਫੈਸਲੇ ਦੀ ਪਾਲਣਾ ਕਰਨ ਵਿੱਚ ਅਸਫਲ ਰਹਿਣ ਕਰਕੇ ਦੋਸ਼ੀ ਐਲਾਨਿਆ ਹੈ । ਕਮੇਟੀ ਇਤਿਹਾਸ ਅੰਦਰ ਇਹ ਪਹਿਲੇ ਪ੍ਰਧਾਨ ਅਤੇ ਸਕੱਤਰ ਹਨ ਜਿਨ੍ਹਾਂ ਦੇ ਸਿਰ ਤੇ ਇਹ ਸੇਹਰਾ ਬੰਨਣ ਨਾਲ ਸਿੱਖ ਇਤਿਹਾਸ ਨੂੰ ਕਲੰਕਿਤ ਕੀਤਾ ਗਿਆ ਹੈ । ਉਨ੍ਹਾਂ ਦਸਿਆ ਕਿ ਅਦਾਲਤ ਵਲੋਂ ਫੈਸਲੇ ਵਿਚ ਕਿਹਾ ਗਿਆ ਹੈ ਕਿ ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਪ੍ਰਧਾਨ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਜਾਣਬੁੱਝ ਕੇ ਦਿੱਲੀ ਹਾਈਕੋਰਟ ਦੇ ਮਿਤੀ 16 ਨਵੰਬਰ 2021 ਦੇ ਫੈਸਲੇ ਦੀ ਪਾਲਣਾ ਕਰਨ ਵਿੱਚ ਅਸਫਲ ਰਹੇ ਹਨ। ਅਦਾਲਤ ਨੇ ਤਾਂ ਇਥੋਂ ਤਕ ਕਹਿ ਦਿੱਤਾ ਕਿ ਮੌਜੂਦਾ ਪ੍ਰਬੰਧਕ ਕਮੇਟੀ ਅਤੇ ਗੁਰੂ ਹਰਿਕਿਸ਼ਨ ਪਬਲਿਕ ਸਕੂਲ ਦੇ ਪ੍ਰਬੰਧਕ ਹੋਣ ਦੇ ਯੋਗ ਨਹੀਂ ਹਨ । ਹਾਲਾਂਕਿ ਅਦਾਲਤ ਇਨ੍ਹਾਂ ਨੂੰ ਹਟਾਉਣ ਦਾ ਆਦੇਸ਼ ਦੇਣ ਤੋਂ ਪਹਿਲਾਂ ਗੁਰੂ ਹਰਿਕਿਸ਼ਨ ਪਬਲਿਕ ਸਕੂਲ ਸੋਸਾਇਟੀ ਸੁਸਾਇਟੀ ਅਤੇ ਦਿੱਲੀ ਕਮੇਟੀ ਦੇ ਖਾਤਿਆਂ ਦਾ ਫੋਰੈਂਸਿਕ ਆਡਿਟ ਕਰਨ ਲਈ 15 ਲੱਖ ਰੁਪਏ ਦਾ ਦਿੱਲੀ ਕਮੇਟੀ ਦੇ ਖਰਚੇ ਤੇ ਆਡੀਟਰ ਨਿਯੁਕਤ ਕਰ ਦਿੱਤਾ ਹੈ ਜੋ 12 ਗੁਰੂ ਹਰਿਕਿਸ਼ਨ ਪਬਲਿਕ ਸਕੂਲ ਸਕੂਲਾਂ ਦੇ ਖਾਤਿਆਂ ਦਾ ਫੋਰੈਂਸਿਕ ਆਡਿਟ ਕਰਨਗੇ । ਅਦਾਲਤ ਵਲੋਂ ਦਿੱਲੀ ਕਮੇਟੀ ਵਲੋਂ ਕੀਤਾ ਜਾਂਦੇ ਪਰਉਪਕਾਰੀ ਗਤੀਵਿਧੀਆਂ ਵਿੱਚ ਖ਼ਰਚ ਕਰਨ ਤੋਂ ਪਹਿਲਾਂ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਭੁਗਤਾਨ ਦੇ ਆਦੇਸ਼ ਦਿੱਤੇ ਹਨ ਜਿਸ ਲਈ ਹੋਰ ਗਤੀਵਿਧੀਆਂ ਨੂੰ ਘਟਾਉਣ ਜਾਂ ਬੰਦ ਕਰਨ ਲਈ ਕਿਹਾ ਹੈ । ਉਨ੍ਹਾਂ ਕਿਹਾ ਕਿ ਅਦਾਲਤੀ ਆਦੇਸ਼ ਮੁਤਾਬਿਕ ਹੁਣ ਦਿੱਲੀ ਕਮੇਟੀ ਦੇ ਮੈਂਬਰਾਂ ਦੀਆਂ ਹੋਰ ਵਿੱਤੀ ਸਹੂਲਤਾਂ ਵੀ ਅਗਲੇ ਹੁਕਮਾਂ ਤੱਕ ਜਾਂ ਕਰਮਚਾਰੀਆਂ ਦੇ ਸਮੁੱਚੇ ਬਕਾਏ ਤੱਕ ਬੰਦ ਰਹਿਣਗੀਆਂ। ਇਸ ਅਦਾਲਤੀ ਹੁਕਮ ਦਾ ਦਿੱਲੀ ਕਮੇਟੀ ਉਪਰ ਵੱਡਾ ਅਸਰ ਇਹ ਹੈ ਕਿ ਕਾਲਕਾ ਤੇ ਕਾਹਲੋਂ ਉਤੇ ਸਜ਼ਾ ਦੇ ਨਾਲ ਹੀ ਪ੍ਰਬੰਧ ਤੋਂ ਬੇਦਖਲੀ ਦੀ ਤਲਵਾਰ ਵੀ ਲਟਕ ਗਈ ਹੈ ਅਤੇ ਸਾਰੇ ਦਿੱਲੀ ਕਮੇਟੀ ਮੈਂਬਰਾਂ ਦੇ ਫੰਡ ਬੰਦ ਹੋਣ ਦੇ ਨਾਲ ਮੈਂਬਰਾਂ ਨੂੰ ਮਿਲੀਆਂ ਹੋਈਆਂ ਕਾਰਾ, ਸਟਾਫ, ਡੀਜ਼ਲ-ਪੈਟਰੋਲ ਸਭ ਬੰਦ ਹੋਵੇਗਾ। ਕਮੇਟੀ ਦੇ ਪ੍ਰਬੰਧਕਾਂ ਦੀ ਨਾਲਾਇਕੀ ਕਰਕੇ ਹੁਣ ਅਤਿ ਜਰੂਰੀ ਲੋੜਵੰਦਾਂ ਦੀ ਸਹਾਇਤਾ, ਕੁਦਰਤੀ ਆਫ਼ਤਾਂ ਜਾਂ ਫਿਰ ਜੇਕਰ ਕਿਸਾਨੀ ਮੋਰਚਾ ਦਿੱਲੀ ਲੱਗ ਜਾਂਦਾ ਹੈ ਇਹ ਕੋਈ ਮਦਦ ਨਹੀਂ ਕਰ ਸਕਣਗੇ । ਜਦੋਂ ਤੱਕ ਸਕੂਲਾਂ ਸਿਰ ਚੜ੍ਹਿਆ ਕਰਜ਼ਾ ਨਹੀਂ ਮੁਕਦਾ ਦਿੱਲੀ ਕਮੇਟੀ ਤੇ ਸਕੂਲਾਂ ਦੇ ਖਜ਼ਾਨੇ ਤੋਂ ਤਨਖਾਹਾਂ ਤੇ ਬਿਜਲੀ-ਪਾਣੀ ਵਰਗੇ ਰੁਟੀਨ ਖਰਚਿਆਂ ਦਾ ਹੀ ਭੁਗਤਾਨ ਹੋਵੇਗਾ । ਅੰਤ ਵਿਚ ਉਨ੍ਹਾਂ ਸੰਗਤਾਂ ਨੂੰ ਮੁੱਖਾਤਬਿਕ ਹੁੰਦੇ ਕਿਹਾ ਕਿ ਕਮੇਟੀ ਪ੍ਰਬੰਧਕਾਂ ਵਲੋਂ ਫੈਲਾਇਆ ਗਿਆ ਝੂਠ ਸਾਹਮਣੇ ਆ ਗਿਆ ਹੈ ਤੇ ਹੁਣ ਸੰਗਤ ਵੀ ਆਪਣੀ ਜਿੰਮੇਵਾਰੀ ਸਮਝਦਿਆਂ ਇਨ੍ਹਾਂ ਵਲੋਂ ਸਰਕਾਰਾਂ ਨੂੰ ਖੁਸ਼ ਕਰਣ ਲਈ ਕੀਤੇ ਬੇਲੋੜੇ ਖਰਚਿਆਂ ਦਾ ਹਿਸਾਬ ਮੰਗਣ ਲਈ ਆਪਣਾ ਫਰਜ਼ ਨਿਭਾਏ । ਕਮੇਟੀ ਦੇ ਚਲ ਰਹੇ ਮਾਮਲੇ ਅੰਦਰ ਕੋਰਟ ਦੀ ਅਗਲੀ ਸੁਣਵਾਈ 12 ਅਗਸਤ ਨੂੰ ਹੋਵੇਗੀ।



ਆਵਾਜ਼ਿ ਕੌਮ AWAZE QAUM
International Newspaper & WEB TV

# ਦਿੱਲੀ ਕਮੇਟੀ ਦੇ ਨਿਘਾਰ ਲਈ ਸਿਰਸਾ ਅਤੇ ਕਾਲਕਾ ਜ਼ਿੰਮੇਵਾਰ, ਜੱਥੇਦਾਰ ਅਕਾਲ ਤਖ਼ਤ ਸਾਹਿਬ ਕਰਣ ਕਾਰਵਾਈ: ਸਰਨਾ

ਨਵੀਂ ਦਿੱਲੀ, 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਭਾਜਪਾ ਦੇ ਸਾਬਕਾ ਵਿਧਾਇਕ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ 50 ਸਾਲ ਪੁਰਾਣੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿਘਾਰ ਲਈ ਪੂਰੀ ਤਰ੍ਹਾਂ ਜ਼ਿੰਮੇਵਾਰ ਹਨ, ਜਿੰਨਾ ਨੇ ਕਾਰਨ ਗੁਰੂ ਹਰਿਕਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦੀਆਂ ਤਨਖਾਹਾਂ ਦੇ ਅਣਸੁਲਝੇ ਮੁੱਦਿਆਂ ਹੱਲ ਨਾ ਹੋ ਸਕੇ ਤੇ ਇਸ ਕੌਮੀ ਧਰੋਹਰ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਦੀ ਨੌਬਤ ਆ ਗਈ ।



ਸਰਨਾ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਇੱਕ ਸਖ਼ਤ ਸ਼ਬਦਾਂ ਵਾਲੇ ਫੈਸਲੇ ਵਿੱਚ, ਅਦਾਲਤ ਨੇ ਮੌਜੂਦਾ ਕਾਲਕਾ ਦੀ ਅਗਵਾਈ ਵਾਲੀ ਮੈਨੇਜਮੈਂਟ ਨੂੰ ਕਸੂਰਵਾਰ ਪਾਇਆ, ਜਿਸ ਵਿੱਚ ਦਿੱਲੀ ਕਮੇਟੀ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਨੂੰ ਤਨਖਾਹ ਦੇ ਮਾਮਲੇ ਵਿੱਚ ਬੈਂਚ ਨੂੰ ਗੁੰਮਰਾਹ ਕਰਨ ਲਈ ਪੁੱਛਗਿੱਛ ਕੀਤੀ ਗਈ। ਦਿੱਲੀ ਤੋਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਮਹੱਤਵਪੂਰਨ ਵਿੱਤੀ ਬੇਨਿਯਮੀਆਂ ਦੇ ਵਧ ਰਹੇ ਸ਼ੱਕ ਦੇ ਵਿਚਕਾਰ ਅਦਾਲਤ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਸਾਰੇ ਸਕੂਲਾਂ ਦਾ ਫੋਰੈਂਸਿਕ ਆਡਿਟ ਵੀ ਲਾਜ਼ਮੀ ਕੀਤਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

"ਮਾਨਯੋਗ ਹਾਈ ਕੋਰਟ ਨੇ ਕਾਲਕਾ ਦੇ ਮਾੜੇ ਪ੍ਰਬੰਧ ਦੀ ਸਖ਼ਤ ਆਲੋਚਨਾ ਕੀਤੀ ਹੈ। ਸਾਬਕਾ ਭਾਜਪਾ ਵਿਧਾਇਕ ਸਿਰਸਾ ਦੇ ਚੇਲੇ ਕਾਲਕਾ ਨੇ ਆਪਣੇ ਆਕਾ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ ਅਦਾਲਤੀ ਕਾਰਵਾਈ ਦੌਰਾਨ ਲਗਾਤਾਰ ਧੋਖਾ ਦਿੱਤਾ ਹੈ। ਉਹ ਅਤੇ ਦਿੱਲੀ ਕਮੇਟੀ ਦੇ ਜਨਰਲ ਸਕੱਤਰ ਦੋਵੇਂ ਦੋਸ਼ੀ ਪਾਏ ਗਏ ਹਨ, "ਸਰਨਾ ਨੇ ਕਿਹਾ। "ਸਿਰਸਾ ਤੇ ਕਾਲਕਾ ਕਰਕੇ ਭਾਰਤ ਦੀ ਰਾਜਧਾਨੀ ਵਿੱਚ ਇਸ ਇਤਿਹਾਸਕ ਸਿੱਖ ਸੰਸਥਾ ਦਾ ਪਤਨ ਹੋਣ ਕਿਨਾਰੇ ਹੈ, ਜਿਸ ਦੇ ਨਤੀਜੇ ਵਜੋਂ ਦਿੱਲੀ ਕਮੇਟੀ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਗਈਆਂ ਹਨ ਅਤੇ ਸਾਰੀਆਂ ਅੰਦਰੂਨੀ ਸਕੂਲ ਕਮੇਟੀਆਂ ਨੂੰ ਬਰਖਾਸਤ ਕਰ ਦਿੱਤਾ ਗਿਆ ਹੈ।"

ਸਰਨਾ ਨੇ ਕਾਲਕਾ ਅਤੇ ਸਿੱਖ ਧਾਰਮਿਕ ਪ੍ਰਸ਼ਾਸਨ ਦੇ ਹੋਰ ਅਹੁਦੇਦਾਰਾਂ ਨੂੰ ਵਿੱਤੀ ਦੁਰਵਰਤੋਂ ਅਤੇ ਗਬਨ ਲਈ ਜ਼ਿੰਮੇਵਾਰ ਠਹਿਰਾਉਂਦਿਆਂ ਉਨ੍ਹਾਂ ਦੇ ਤੁਰੰਤ ਅਸਤੀਫੇ ਦੀ ਮੰਗ ਕੀਤੀ ਅਤੇ ਕਿਹਾ ਕਿ "ਲੋਕ ਸਭਾ ਦੀ ਟਿਕਟ ਹਥਿਆਉਣ ਦੀਆਂ ਲਾਲਸਾਵਾਂ ਤੋਂ ਪ੍ਰੇਰਿਤ ਸਿਰਸਾ ਨੂੰ ਇਸ ਸੰਸਥਾ ਨੂੰ ਢਾਹ ਲਾਉਣ ਲਈ ਸ਼ਰਮ ਮਹਿਸੂਸ ਕਰਨੀ ਚਾਹੀਦੀ ਹੈ।"

ਉਸ ਦੇ ਸਿਆਸੀ ਸੰਚਾਲਕਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸਿਰਸਾ ਵਰਗੇ ਵਿਅਕਤੀ ਭ੍ਰਿਸ਼ਟਾਚਾਰ ਨਾਲ ਲੱਥ ਪੱਥ ਹਨ ਉਹ ਜਿੱਥੇ ਵੀ ਜਾਂਦੇ ਹਨ ਸਿਸਟਮ ਅਤੇ ਜਨਤਾ ਦੇ ਭਰੋਸੇ ਨੂੰ ਖਰਾਬ ਕਰਦੇ ਹਨ। " ਸਰਨਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਕਮੇਟੀ ਦੇ ਵੱਡੇ ਨਿਘਾਰ ਤੇ ਨਮੋਸ਼ੀ ਲਈ ਸਿਰਸਾ ਅਤੇ ਕਾਲਕਾ ਨੂੰ ਉਨ੍ਹਾਂ ਦੀਆਂ ਨਿੰਦਣਯੋਗ ਕਾਰਵਾਈਆਂ ਲਈ ਤਲਬ ਕਰਨ ਅਤੇ ਇਹਨਾਂ ਵਿਅਕਤੀਆਂ 'ਤੇ ਇਹਨਾਂ ਦੇ ਸਮਰਥਕਾਂ ਨੂੰ ਕਿਸੇ ਵੀ ਸਿੱਖ ਧਾਰਮਿਕ ਚੋਣ ਜਾਂ ਚੋਣ ਪ੍ਰਕਿਰਿਆ ਵਿੱਚ ਭਾਗ ਲੈਣ ਤੋਂ ਪੱਕੇ ਤੌਰ 'ਤੇ ਪਾਬੰਦੀ ਲਗਾਈ ਜਾਵੇ।"

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੱਜ ਇਕ ਹੋਰ ਮਾਂ ਜਲਾਵਤਨੀ ਨੂੰ ਤਰਸਦੀ ਮਰ ਗਈ ਇਹ ਦੁੱਖ ਸਾਡੇ ਵਾਸਤੇ ਬਹੁਤ ਵੱਡਾ ਹੈ




ਇਹ ਹੱਸਦਾ ਚੇਹਰਾ ਮੇਰੀ ਮਾਂ ਸੀ ਅੱਜ ਤੋਂ ਫਿਟੀਆਂ ਰੂਪੀ ਕੰਧਾਂ ਦੀ ਸ਼ਾਨ ਬਣ ਕੇ ਰਹਿ ਗਈ ਜਿਹਨਾਂ ਦਾ ਕੱਲ 26 ਤਰੀਕ ਨੂੰ ਦਿਹਾਂਤ ਹੋ ਗਿਆ ਸੀ ਅੱਜ ਦੁਪਹਿਰ ਤਿੰਨ ਵਜੇ ਪਿੰਡ ਵਾਸੀਆਂ ਪਰਵਾਰਕ ਮੈਂਬਰਾਂ ਅਤੇ ਵੱਡੇ ਵੀਰ ਸੁਰਜੀਤ ਸਿੰਘ ਜੀ , ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ , ਛੋਟੇ ਵੀਰ ਭਵਨਦੀਪ ਸਿੰਘ ਜੀ ਸਿੱਧੂ , ਕਰਮਜੀਤ ਸਿੰਘ ਸੁਨਾਮ ਅਤੇ ਹੋਰ ਪੰਤਵੰਤੇ ਸੱਜਣਾਂ ਹਾਜ਼ਰੀ ਵਿੱਚ ਪੰਜ ਭੂਤਕ ਸਰੀਰ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ 35-36 ਸਾਲਾਂ ਜਲਾਵਤਨੀ ਦੌਰਾਨ ਕੁੱਝ ਸਾਲ ਪਹਿਲਾਂ ਇੱਕ ਵਾਰੀ ਮਾਤਾ ਜੀ ਦੇ ਚਰਨ ਪਰਸਣ ਦਾ ਮੋਕਾ ਮਿਲਿਆ ਬੱਸ ਤਮੰਨਾ ਸੀ ਕਿ ਮਾਤਾ ਦੇ ਆਖ਼ਰੀ ਪੜਾਅ ਤੇ ਉਹਨਾਂ ਦੀ ਹੱਥੀਂ ਸੇਵਾ ਕਰ ਸਕਾਂ ਪਰ ਜੋ ਗੁਰੂ ਰਾਮਦਾਸ ਜੀ ਨੂੰ ਮੰਨਜੂਰ ਨਹੀ ਸੀ ਸੰਘਰਸ਼ੀ ਏਨੇ ਲੰਮੇ ਸਮੇਂ ਦੌਰਾਨ ਹਜ਼ਾਰਾਂ ਮੁਸੀਬਤਾਂ ਦਾ ਸਾਹਮਣਾ ਕਰਨਾ ਪਿਆ ਪਰ ਇਹ ਦੁੱਖ ਵੱਖਰਾ ਜਿਹਾ ਲੱਗਦਾ ਹੈ ਜਿਸ ਦਾ ਦਰਦ ਆਤਮਾ ਤੱਕ ਪਹੁੰਚਦਾ ਹੈ। ਆਖਰੀ ਦਿਨਾਂ ਵਿੱਚ ਸਾਰਾ ਪਰਵਾਰ ਮਾਤਾ ਜੀ ਕੋਲ ਸੀ ਪਰ ਜਦੋ ਵੀ ਪਰਿਵਾਰ ਨੇ ਕਹਿਣਾ ਮਾਤਾ ਅਸੀ ਸਾਰੇ ਤੇਰੇ ਕੋਲ ਹਾਂ ਪਰ ਮਾਤਾ ਦੇ ਬਚਨ ਹੁੰਦੇ ਸਨ ਉਹ ਤਾਂ ਠੀਕ ਹੈ ਪਰ ਮੇਰਾ ਪੁੱਤ ਕਿੱਥੇ ਆ ਉਹ ਨੀ ਆਇਆ। ਅੱਜ ਇਕ ਹੋਰ ਮਾਂ ਜਲਾਵਤਨੀ ਨੂੰ ਤਰਸਦੀ ਮਰ ਗਈ ਇਹ ਦੁੱਖ ਸਾਡੇ ਵਾਸਤੇ ਬਹੁਤ ਵੱਡਾ ਹੈ।

**ਦਾਸ ਪਰਗਟ ਸਿੰਘ ਨਿੱਝਰ**
**ਰਿਬੈਰੋ ਕਾਂਡ ਰੋਮਾਨੀਆ**
















## ਮਾਤਾ ਜੀ ਦੇ ਅੰਤਿਮ ਸਸਕਾਰ ਦੀਆਂ ਕੁਝ ਤਸਵੀਰਾਂ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243







ਸਮੂਹ ਪੰਥ ਦਰਦੀਆਂ ਅਤੇ ਸਮੂਹ ਇਨਸਾਫ ਪਸੰਦ ਵੀਰਾਂ ਭੈਣਾਂ ਨੂੰ ਬੇਨਤੀ ਹੈ ਕਿ ਕੱਲ 28 ਫਰਵਰੀ ਦਿਨ ਬੁੱਧਵਾਰ 2024 ਨੂੰ 12 ਵਜੇ ਪੰਜਾਬ ਦੇ ਮੁੱਖ ਮੰਤਰੀ ਨੂੰ ਡੀ ਸੀ ਫਤਹਿਗੜ ਸਾਹਿਬ ਰਾਹੀਂ ਹੇਠ ਲਿਖੇ ਮਸਲਿਆਂ ਉੱਤੇ ਮੈਮੋਰੰਡਮ ਦੇਣ ਲਈ 11 ਵਜੇ ਫਤਹਿਗੜ ਸਾਹਿਬ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ ।

1)। ਸਮੂਹ ਬੰਦੀ ਸਿੰਘਾਂ ਦੀ ਰਿਹਾਈ।

2 ) ਅਸਾਮ ਦੀ ਡਿਬਰੂਗੜ੍ਹ ਜੇਲ ਵਿੱਚ ਬੰਦ ਸਿੰਘਾ ਦੀ ਰਿਹਾਈ ਅਤੇ ਪੰਜਾਬ ਵਾਪਸੀ ਲਿਆਉਣ ਲਈ ।

3)) ਕਿਸਾਨ ਸੰਘਰਸ਼ ਦੀ ਪੂਰਨ ਹਮਇਤ, ਹਰਿਆਣਾ ਪੁਲਿਸ ਦੀਆਂ ਗੋਲੀਆਂ ਨਾਲ ਕਿਸਾਨ ਦੀ ਹੋਈ ਮੌਤ ਅਤੇ ਕਿਸਾਨਾਂ ਦੇ ਭੰਨੇ ਗਏ ਟਰੈਕਟਰਾਂ ਅਤੇ ਹੋਰ ਪਹੁੰਚਾਏ ਗਏ ਨੁਕਸਾਨ ਨੂੰ ਲੈ ਕੇ ਹਰਿਆਣਾ ਸਰਕਾਰ ਦੇ ਜਬਰ ਵਿਰੁੱਧ ਪੰਜਾਬ ਦੀ ਸਰਕਾਰ ਵੱਲੋਂ ਪਰਚਾ ਦਰਜ ਕਰਵਾਉਣ ਸਬੰਧੀ।



ਗੁਰੂ ਪੰਥ ਦਾ ਦਾਸ

**ਕਰਨੈਲ ਸਿੰਘ ਪੰਜੋਲੀ**

**ਮੈਂਬਰ ਸ਼੍ਰੋਮਣੀ ਕਮੇਟੀ।**

ਆਵਾਜ਼ਿ ਕੌਮ AWAZE QAUM International Newspaper & WEB TV

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥




ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਨੂੰ ਮਾਣ ਹੈ ਅਜਿਹੇ ਮਾਪਿਆਂ ਤੇ ਜਿਨਾਂ ਦੀ ਕੁੱਖੋਂ ਭਾਈ ਪਰਗਟ ਸਿੰਘ ਜਿਹੇ ਅਣਖੀ ਜੋਧਿਆਂ ਨੇ ਜਨਮ ਲਿਆ

ਸਿੱਖ ਸੰਘਰਸ਼ ਦੇ ਸਾਥੀ ਭਾਈ ਪਰਗਟ ਸਿੰਘ ਨਿਜਰ ਦੇ ਮਾਤਾ ਜੀ ਨਿਰੰਜਨ ਕੌਰ ਜੋ ਬੀਤੇ ਦਿਨੀ ਅਕਾਲ ਚਲਾਣਾਂ ਕਰ ਗਏ ।ਜਰਮਨ ਵਿੱਚ ਜਲਾਵਤਨੀ ਕੱਟ ਰਹੇ ਸਰਦਾਰ ਪਰਗਟ ਸਿੰਘ ਦੇਸ਼ ਨਹੀ ਜਾ ਸਕੇ ।ਸਿੱਖ ਕੌਮ ਨੂੰ ਮਾਣ ਹੈ ਅਜਿਹੇ ਮਾਪਿਆਂ ਤੇ ਜਿਨਾਂ ਦੀ ਕੁੱਖੋਂ ਭਾਈ ਪਰਗਟ ਸਿੰਘ ਜਿਹੇ ਅਣਖੀ ਜੋਧਿਆਂ ਨੇ ਜਨਮ ਲਿਆ । ਮਾਤਾ ਜੀ ਦੇ ਇਸ ਵਿਛੋੜੇ ਸਮੇਂ ਅਸੀਂ ਪਰਗਟ ਸਿੰਘ , ਪਰਿਵਾਰ ਤੇ ਸੰਬੰਧੀਆਂ ਨਾਲ ਦਿਲੋਂ ਹਮਦਰਦੀ ਭੇਟ ਕਰਦੇ ਹਾਂ ।ਵਾਹਿਗੁਰੂ ਅੱਗੇ ਅਰਦਾਸ ਹੈ ਕਿ ਉਹ ਮਾਤਾ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ।ਅਕਾਲ ਪੁਰਖ ਵਾਹੁਗੁਰੂ ਅੱਗੇ ਭਾਣਾ ਮੰਨਣ ਲਈ ਅਰਦਾਸ ਕਰਦੇ ਹਾਂ ।

-ਪਰਮਿੰਦਰ ਸਿੰਘ ਬੱਲ



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

## ਹਸਪਤਾਲ, ਬੱਸ ਅੱਡਿਆਂ ਚ ਪਰਚੀ ਸਿਸਟਮ ਬੰਦ ਕਰਕੇ

# ਮੁੱਖ ਮੰਤਰੀ ਨੇ ਆਮ ਲੋਕਾਂ ਦਾ ਦਿਲ ਜਿੱਤਿਆ : ਘੁੱਲੀ



ਆਵਾਜ਼ਿ ਕੌਮ AWAZE QAUM International Newspaper & WEB TV

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਨੇ ਜਦੋਂ ਤੋਂ ਪੰਜਾਬ ਦੀ ਵਾਂਗ ਡੋਰ ਸੰਭਾਲੀ ਹੈ ਉਸ ਦਿਨ ਤੋਂ ਹੀ ਲੋਕ ਪੱਖੀ ਫੈਸਲੇ ਲੈ ਰਹੇ ਹਨ। ਪਿਛਲੇ ਦਿਨੀ ਮਾਨ ਸਰਕਾਰ ਵੱਲੋਂ ਬੱਸ ਅੱਡਿਆਂ, ਹਸਪਤਾਲਾਂ ਵਿੱਚ ਸਕੂਟਰ, ਮੋਟਰਸਾਈਕਲ, ਕਾਰਾਂ ਦੀ ਲੱਗ ਰਹੀ ਪਰਚੀ ਨੂੰ ਬੰਦ ਕਰਕੇ ਪੰਜਾਬ ਵਿੱਚ ਵਸਦੇ ਆਮ ਲੋਕਾਂ ਦਾ ਦਿਲ ਜਿੱਤਿਆਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਜਿਕਰਯੋਗ ਹੈ ਕਿ ਅੱਜ ਉਹ ਪਿੰਡ ਕਹੇਰੂ ਵਿਖੇ ਸੀਵਰੇਜ ਦਾ ਉਦਘਾਟਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਅਤੇ ਸਰਵੋਤਮ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ ਉਹਨਾਂ ਦੇ ਆਪਣੇ ਜੱਦੀ ਹਲਕੇ ਵਿੱਚ ਵਿਕਾਸ ਕਾਰਜਾਂ ਦੇ ਕੰਮ ਲਗਾਤਾਰ ਪਿੰਡਾਂ ਸ਼ਹਿਰਾਂ ਵਾਰਡਾਂ ਵਿੱਚ ਚੱਲ ਰਹੇ ਹਨ। ਇਸ ਮੌਕੇ ਪਰਗਟ ਸਿੰਘ ਕਹੇਰੂ, ਸਰਪੰਚ ਰਵੀ ਗਿੱਲ ਕਹੇਰੂ, ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਭਿੰਦਾ ਸਾਹੀਵਾਲ ,ਆਪ ਆਗੂ ਬੂਟਾ ਸੁਲਤਾਨਪੁਰ ,ਆਪ ਆਗੂ ਰਣਜੀਤ ਸਿੰਘ ਧੰਦੀਵਾਲ , ਆਪ ਆਗੂ ਬਖਸੀਸ ਅਲਾਲ , ਆਪ ਆਗੂ ਬਲਦੇਵ ਸਿੰਘ ਖਾਲਸਾ, ਆਪ ਆਗੂ ਪ੍ਰਦੀਪ ਸਿੰਘ ਹਰਚੰਦਪੁਰ, ਆਪ ਆਗੂ ਰਾਜੂ ਲੱਡਾ, ਆਪ ਆਗੂ ਮਨਦੀਪ ਰੰਗੀਆ, ਬਲਵੀਰ ਸਿੰਘ ਈਸੀ, ਕਾਲਾ ਸਰਪੰਚ ਮੀਮਸਾ, ਮੇਲ ਮਾਹਮਦਪੁਰ ਹਾਜ਼ਰ ਸਨ।

## 'ਭਾਰਤ ਸਰਕਾਰ'' ਅੰਗਰੇਜ਼ ਹਕੂਮਤ ਦੀਆਂ ਜੜ੍ਹਾਂ ਹਿਲਾਉਣ ਵਾਲੇ ਕਰਤਾਰ ਸਿੰਘ ਸਰਾਭਾ, ਭਗਤ ਸਿੰਘ ਅਤੇ ਉੱਧਮ ਸਿੰਘ ਨੂੰ ਕੌਮੀ ਸ਼ਹੀਦ ਤੇ ਭਾਰਤ ਰਤਨ ਦੇ ਸਨਮਾਨ ਨਾਲ ਨਿਵਾਜੇ : ਪ੍ਰੋ. ਬਡੂੰਗਰ

# ਸ਼੍ਰੋਮਣੀ ਕਮੇਟੀ ਹਰੇਕ ਸਾਲ ਇਹਨਾਂ ਸ਼ਹੀਦਾਂ ਦੇ ਵੱਡੇ ਪੱਧਰ 'ਤੇ ਮਨਾਵੇ ਸ਼ਹੀਦੀ ਦਿਹਾੜੇ

**ਪਟਿਆਲਾ , 27 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅੰਗਰੇਜ਼ੀ ਹਕੂਮਤ ਦੀਆਂ ਜੜ੍ਹਾਂ ਉਖਾੜਨ ਵਾਲੇ ਸ਼ਹੀਦ ਯੋਧੇ ਸ.ਕਰਤਾਰ ਸਿੰਘ ਸਰਾਭਾ, ਸ. ਭਗਤ ਸਿੰਘ ਅਤੇ ਸ. ਊਧਮ ਸਿੰਘ ਤਿੰਨੋਂ ਸ਼ਹੀਦਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਵੱਡੇ ਪੱਧਰ ਤੇ ਸ਼ਹੀਦੀ ਸਮਾਗਮ ਕਰਵਾਏ ਜਾਣੇ ਚਾਹੀਦੇ ਹਨ, ਕਿਉਂਕਿ ਇਨ੍ਹਾਂ ਤਿੰਨੋਂ ਸ਼ਹੀਦਾਂ ਨੇ ਉਸ ਸਮੇਂ ਦੀ ਅੰਗਰੇਜ਼ ਹਕੂਮਤ ਨਾਲ ਹਿਕ ਡਾਹ ਕੇ ਮੁਕਾਬਲਾ ਕੀਤਾ ਅਤੇ ਅੰਗਰੇਜ਼ ਰਾਜ ਦੀਆਂ ਜੜ੍ਹਾਂ ਹਲਾ ਕੇ ਰੱਖ ਦਿੱਤੀਆਂ ਅਤੇ ਖੁਦ ਸ਼ਹੀਦੀਆਂ ਦੇ ਜਾਮ ਪੀ ਗਏ। ਉਹਨਾਂ ਕਿਹਾ ਕਿ ਇਸ ਦੇ ਨਾਲ ਹੀ ਭਾਰਤ ਸਰਕਾਰ ਵੀ ਇਹਨਾਂ ਤਿੰਨੋ ਸ਼ਹੀਦਾਂ ਸ. ਕਰਤਾਰ ਸਿੰਘ ਸਰਾਭਾ ਜੋ ਕਿ 1915 ਵਿੱਚ ਮਹਿਜ 19 ਸਾਲ ਦੀ ਉਮਰ ਵਿੱਚ ਸ਼ਹੀਦ ਹੋਏ, ਸ. ਭਗਤ ਸਿੰਘ 23 ਸਾਲ ਦੀ ਉਮਰ ਵਿੱਚ 1931 ਵਿੱਚ ਅਤੇ ਸ. ਊਧਮ ਸਿੰਘ 40 ਸਾਲ ਦੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਜਾਨਾ ਵਾਰ ਕੇ ਸ਼ਹੀਦੀਆਂ ਪਾ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਪ੍ਰੋ. ਬਡੂੰਗਰ ਨੇ ਕਿਹਾ ਕਿ ਉਹਨਾਂ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਤੌਰ ਪ੍ਰਧਾਨਗੀ ਕਾਲ ਵਿੱਚ ਗਦਰ ਪਾਰਟੀ ਨਾਲ ਜੁੜੇ ਹੋਏ ਸਰਦਾਰ ਭਗਤ ਸਿੰਘ ਅਤੇ ਸ. ਊਧਮ ਸਿੰਘ ਦਾ ਗਦਰੀਆਂ ਦਾ ਵੱਡਾ ਵੱਖਰਾ ਸਮਾਗਮ, ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਯਾਦ ਵਿੱਚ ਉੱਤਰਾਖੰਡ ਵਿਖੇ ਜਿੱਥੇ ਸ਼ਹੀਦ ਕਰਤਾਰ ਸਿੰਘ ਦਾ ਬੁੱਤ ਵੀ ਲੱਗਿਆ ਹੋਇਆ ਹੈ, ਉੱਥੇ ਵੀ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਵੱਲੋਂ ਵੱਡਾ ਸਮਾਗਮ ਕਰਵਾਇਆ ਗਿਆ ਸੀ ਤੇ ਨਾਲ ਹੀ ਸ਼ਹੀਦ ਭਗਤ ਸਿੰਘ ਦਾ ਖਟਖਟ ਕਲਾ ਵਿਖੇ ਅਤੇ ਸ਼ਹੀਦ ਊਧਮ ਸਿੰਘ ਦੀ ਯਾਦ ਵਿੱਚ ਸੁਨਾਮ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਸੀ ।ਪ੍ਰੋ. ਬਡੂੰਗਰ ਨੇ ਕਿਹਾ ਕਿ ਉਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੋਈ ਵੀ ਸਮਾਗਮ ਨਹੀਂ ਕਰਵਾਇਆ ਗਿਆ। ਉਹਨਾਂ ਕਿਹਾ ਕਿ ਭਾਰਤ ਸਰਕਾਰ ਤਿੰਨੇ ਸ਼ਹੀਦਾਂ ਨੂੰ ਕੌਮੀ ਸ਼ਹੀਦ ਦਾ ਦਰਜਾ ਅਤੇ ਭਾਰਤ ਰਤਨ ਦੇ ਸਨਮਾਨ ਨਾਲ ਸਨਮਾਨਿਤ ਕੀਤਾ ਜਾਣਾ ਚਾਹੀਦਾ ਹੈ, ਉਨ੍ਹਾਂ ਕਿਹਾ ਕਿ ਭਾਵੇਂ ਇਹ ਸਨਮਾਨ ਇਹਨਾਂ ਮਹਾਨ ਸ਼ਹੀਦਾਂ ਲਈ ਅਤੁਛ ਹਨ ਪਰ ਫਿਰ ਵੀ ਉਹਨਾਂ ਨੂੰ ਇਹ ਸਨਮਾਨ ਦਿੱਤਾ ਜਾਣਾ ਚਾਹੀਦਾ।

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦਾ ਇੰਸਪੈਕਟਰ ਗ੍ਰਿਫ਼ਤਾਰ

**ਚੰਡੀਗੜ੍ਹ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੂਬੇ 'ਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ, ਪੰਜਾਬ ਦਾ ਇੰਸਪੈਕਟਰ ਅਮਨਦੀਪ ਗੁਪਤਾ 90,000 ਰੁਪਏ ਰਿਸ਼ਵਤ ਦੀ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜਰਨੈਲ ਸਿੰਘ ਵਾਸੀ ਡਾਇਮੰਡ ਟਾਵਰ, ਖਰੜ, ਜ਼ਿਲ੍ਹਾ ਐੱਸ.ਏ.ਐੱਸ. ਨਗਰ ਵਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ 'ਚ ਦੋਸ਼ ਲਾਇਆ ਹੈ ਕਿ ਉਸ ਵੱਲੋਂ ਖ਼ਰੀਦੇ ਇੱਟਾਂ ਦੇ ਭੱਠੇ ਦੀ ਮਲਕੀਅਤ 'ਚ ਤਬਦੀਲੀ ਕਰਨ ਅਤੇ ਲਾਈਸੈਂਸ ਦੇ ਨਵੀਨੀਕਰਨ ਬਦਲੇ ਉਕਤ ਮੁਲਜ਼ਮ ਨੇ ਉਸ ਕੋਲੋਂ 90,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਇਸ ਤੋਂ ਪਹਿਲਾਂ ਖੁਰਾਕ ਅਤੇ ਸਿਵਲ ਸਪਲਾਈ, ਰੂਪਨਗਰ ਵਿਖੇ ਤਾਇਨਾਤ ਰਿਹਾ ਤੱਤਕਾਲੀ ਇੰਸਪੈਕਟਰ ਚਮਨ ਗੁਪਤਾ ਉਸ ਕੋਲੋਂ ਅਤੇ ਉਸ ਦੇ ਭਰਾ ਹਰਜੀਤ ਸਿੰਘ ਕੋਲੋਂ ਇਸੇ ਕੰਮ ਬਦਲੇ 30000 ਰੁਪਏ ਰਿਸ਼ਵਤ ਲੈ ਚੁੱਕਾ ਹੈ, ਬਾਅਦ 'ਚ ਉਸ ਦੀ ਬਦਲੀ ਜ਼ਿਲ੍ਹਾ ਐੱਸ. ਬੀ. ਐੱਸ. ਨਗਰ ਦੀ ਹੋ ਗਈ।

# ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਮੌਕੇ ਲਗਾਇਆ ਲੰਗਰ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਨੌਜਵਾਨ ਸੇਵਕ ਸਭਾ ਵਲੋ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647 ਵੇਂ ਪ੍ਰਕਾਸ਼ ਪੁਰਬ ਮੌਕੇ ਚਾਟੀਵਿੰਡ ਚੌਕ ਵਿਖੇ ਲੰਗਰ ਲਗਾਇਆ ਗਿਆ ਇਸ ਮੌਕੇ ਰਾਜ ਕੁਮਾਰ, ਧਰਮਾਂ, ਸੰਨੀ, ਮਨਜੀਤ ਸਿੰਘ, ਲਵ ਕੁਮਾਰ,ਸੋਨੂੰ,ਰਮਨ,ਮਿੰਟੂ, ਸੰਜੈ,ਰਾਜੂ, ਮਨਦੀਪ ਸਿੰਘ, ਅਕਾਸ਼ਦੀਪ ਸਿੰਘ, ਨੰਦ ਕਿਸ਼ੋਰ, ਘਨਸ਼ਾਮ, ਮਨੋਹਰ,ਕੇਵਲ,ਵਿਵੇਕ ਸੌਰਵ, ਜਤਿੰਦਰ ਬਬਲੂ ਆਦਿ ਹਾਜ਼ਰ ਸਨ

# ਖਾਲਸਾ ਕਾਲਜ ਮਹਿਤਾ ਚੌਕ ਬੀ, ਸੀ, ਏ, ਅਤੇ ਬੀ ਕਾਮ ਦੇ ਸ਼ਾਨਦਾਰ ਨਤੀਜੇ



**ਚੌਕ ਮਹਿਤਾ, 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਜੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਦੀ ਖਾਲਸਾ ਕਾਲਜ ਚੌਕ ਮਹਿਤਾ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ ਸੀ ਏ ਅਤੇ ਬੀ ਕਾਮ ਤੀਸਰਾ ਸਮੈਸਟਰ ਦੇ ਨਤੀਜੇ 100% ਪ੍ਰਤੀਸ਼ਤ ਰਹੇ। ਯੂਨੀਵਰਸਿਟੀ ਵੱਲੋਂ ਨਵੰਬਰ ਦਸੰਬਰ 12023 ਦੀਆਂ ਲਈਆਂ ਗਈਆਂ ਪਰੀਖਿਆਵਾਂ ਵਿੱਚੋ ਬੀ ਸੀ ਏ ਦੀ ਹਰਜੋਤ ਕੌਰ 79 ਫ਼ੀਸਦੀ ,ਕਿਰਨਜੋਤ ਕੌਰ77 ਫੀਸਦੀ ਅਤੇ ਕੋਮਲਪ੍ਰੀਤ ਕੌਰ ਨੇ 75 ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ ਗਿਆ। ਇਸ ਤਰ੍ਹਾਂ ਬੀ ਕਾਮ ਦੀ ਕਿਰਨਪਰੀਤ ਕੌਰ 74ਫੀਸਦੀ ਪ੍ਰਭਦੀਪ ਕੌਰ ਅਤੇ ਰਿਤਿਕਾ ਟਕ 72 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਨ ਵਧਾਇਆ ਹੈ। ਇਨ੍ਹਾਂ ਨਤੀਜਿਆਂ ਵਿੱਚ ਵਿਦਿਆਰਥੀਆਂ ਵੱਲੋਂ ਕੀਤੇ ਗਏ ਪ੍ਰਦਸ਼ਨ ਨੂੰ ਦੇਖ ਕਿ ਕਾਲਜ ਦੇ ਪ੍ਰਿੰਸੀਪਲ ਸ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਸਾਰੇ ਵਿਦਿਆਰਥੀਆਂ ਨੂੰ ਸੁੱਭਕਾਮਨਾਵਾ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਕਾਮਯਾਬ ਹੋਣ ਲਈ ਪੇਰਿਤ ਕੀਤਾ ਗਿਆ। ਨਾਲ ਹੀ ਉਨ੍ਹਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਇਨ੍ਹਾਂ ਦੀ ਮਿਹਨਤ ਸਦਕਾ ਕਾਲਜ ਦਿਨ ਦੁਗਣੀ ਅਤੇ ਰਾਤ ਚੌਗੁਣੀ ਤਰੱਕੀ ਕਰ ਰਿਹਾ ਹੈ ਇਸ ਸੁਨਿਹਰੀ ਮੌਕੇ ਤੇ ਗਿਆਨੀ ਭਾਈ ਸਾਹਿਬ ਸਿੰਘ ਕਾਲਜ ਪ੍ਰਿੰਸੀਪਲ ਸ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਸਕੂਲ ਪ੍ਰਿੰਸੀਪਲ ਮੈਡਮ ਸੁਖਜੀਤ ਕੌਰ, ਕੁਲਦੀਪ ਕੌਰ, ਪਰਵੀਨ ਕੌਰ, ਕਿਰਨਬੀਰ ਕੌਰ, ਗੁਰਸ਼ਰਨਪਰੀਤ ਕੌਰ, ਕੁਲਜੀਤ ਕੌਰ, ਪੂਰਤੀ ਸਰਮਾ, ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੇ ਨੂੰ ਸੁੱਭਕਾਮਨਾਵਾ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਧੂ ਮੂਸੇਵਾਲਾ ਦੀ ਮਾਤਾ ਚਰਨ ਕੌਰ ਬੱਚੇ ਨੂੰ ਦਏਗੀ ਜਨਮ ?

**ਚੰਡੀਗੜ੍ਹ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਰਿਵਾਰ ਨਾਲ ਜੁੜੀ ਵੱਡੀ ਖਬਰ ਸਾਹਮਣੇ ਆ ਰਹੀ ਹੈ। ਖਬਰਾਂ ਮੁਤਾਬਕ ਬਲਕੌਰ ਸਿੰਘ ਦੀ ਪਤਨੀ ਅਤੇ ਮੂਸੇਵਾਲਾ ਦੀ ਮਾਤਾ ਇੱਕ ਵਾਰ ਫਿਰ ਤੋਂ ਬੱਚੇ ਨੂੰ ਜਨਮ ਦਏਗੀ। ਜੀ ਹਾਂ, ਮਰਹੂਮ ਗਾਇਕ ਦੇ ਘਰ ਮਾਰਚ ਮਹੀਨੇ 'ਚ ਕਿਲਕਾਰੀਆਂ ਗੂੰਜਣ ਵਾਲੀਆਂ ਹਨ। ਇਸ ਗੱਲ ਦਾ ਖੁਲਾਸਾ ਗਾਇਕ ਸਿੱਧੂ ਮੂਸੇਵਾਲਾ ਦੇ ਤਾਇਆ ਚਮਕੌਰ ਸਿੰਘ ਸਿੱਧੂ ਨੇ ਕੀਤਾ ਹੈ। ਉਨ੍ਹਾਂ ਇਸ ਗੱਲ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਪ੍ਰਮਾਤਮਾ ਦੇ ਸ਼ੁਕਰਗੁਜ਼ਾਰ ਹਾਂ ਕਿ ਸਾਡੇ ਵਿਹੜੇ ਨਵਾਂ ਜੀਅ ਆ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਇਸੇ ਕਾਰਨ ਚਰਨ ਕੌਰ ਪਿਛਲੇ ਕਈ ਮਹੀਨਿਆਂ ਤੋਂ ਘੱਟ ਵੱਧ ਹੀ ਬਾਹਰ ਨਿਕਲਦੇ ਹਨ ਅਤੇ ਹਰ ਐਤਵਾਰ ਨੂੰ ਆਪਣੇ ਪੁੱਤਰ ਦੇ ਪ੍ਰਸ਼ੰਸਕਾਂ ਨੂੰ ਵੀ ਨਹੀਂ ਮਿਲ ਰਹੇ। ਇਸ ਤੋਂ ਇਲਾਵਾ ਕੁਝ ਖਬਰਾਂ ਮੁਤਾਬਕ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਉਹ ੧੦੬ ਦੇ ਜਰੀਏ ਹੋਈ ਪ੍ਰੈਗਨੈਂਟ ਹੋਏ ਹਨ। ਫਿਲਹਾਲ ਇਸ ਗੱਲ ਦੀ ਪੁਸ਼ਟੀ ਬਲਕੌਰ ਸਿੰਘ ਅਤੇ ਚਰਨ ਕੌਰ ਵੱਲੋਂ ਨਹੀਂ ਕੀਤੀ ਗਈ। ਫਿਲਹਾਲ ਇਸ ਖਬਰ ਵਿੱਚ ਕਿੰਨੀ ਸੱਚਾਈ ਹੈ, ਇਹ ਮਰਹੂਮ ਗਾਇਕ ਦੇ ਪਰਿਵਾਰ ਵੱਲੋਂ ਪੁਸ਼ਟੀ ਕੀਤੇ ਜਾਣ ਤੋਂ ਬਾਅਦ ਹੀ ਪਤਾ ਚੱਲੇਗਾ।



### ਬੰਦੀ ਸਿੰਘਾਂ ਉਪਰ ਅਤੇ ਕਿਸਾਨੀ ਸੰਘਰਸ਼ ਦੌਰਾਨ ਭਾਰਤ ਦੀ ਸਰਕਾਰ ਵੱਲੋਂ

# ਢਾਹੇ ਜਾ ਰਹੇ ਅਣਮਨੁੱਖੀ ਤਸ਼ੱਦਦ ਖ਼ਿਲਾਫ਼ ਕੈਨੇਡਾ ਵਿਖੇ ਹੋਇਆ ਭਾਰੀ ਰੋਸ ਪ੍ਰਦਰਸ਼ਨ
















**ਨਵੀਂ ਦਿੱਲੀ 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):**-ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਉੱਪਰ ਡਿਬਰੂਗੜ ਜੇਲ ਅਸਾਮ ਵਿੱਚ ਅਤੇ ਚਲ ਰਹੇ ਮੌਜੂਦਾ ਕਿਸਾਨੀ ਸੰਘਰਸ਼ ਦੌਰਾਨ ਹਿੰਦ ਦੀ ਹਕੂਮਤ ਵੱਲੋਂ ਢਾਹੇ ਜਾ ਰਹੇ ਜ਼ੁਲਮ ਮੁਗ਼ਲਾਂ ਦੇ ਜ਼ੁਲਮਾਂ ਨੂੰ ਵੀ ਮਾਤ ਪਾ ਰਹੇ ਹਨ। ਸਰੀ ਲੋਅਰਮੇਨਲੈਂਡ ਇਲਾਕੇ ਦੇ ਭਾਈ ਹਰਦੀਪ ਸਿੰਘ ਨਿੱਝਰ ਦੀ ਸੋਚ ਦੇ ਵਾਰਿਸ ਸਮੂਹ ਨੌਜੁਆਨ, ਪੰਥਕ ਜਥੇਬੰਦੀਆਂ ਅਤੇ ਗੁਰਦੁਆਰਾ ਕਮੇਟੀਆਂ ਦੇ ਪੰਜਾਬ ਦੀ ਅਜਮਤ ਨਾਲ ਪਿਆਰ ਤੇ ਆਪਣੇ ਜਾਗਦੀ ਜ਼ਮੀਰ ਦਾ ਸਬੂਤ ਪੇਸ਼ ਕਰਨ ਵਾਲੇ ਗੁਰਮੁਖ ਪਿਆਰੇ ਸਮੂਹ ਸੰਗਤਾਂ ਵੱਲੋ ਨਿਕਾਲੇ ਗਏ ਰੋਸ ਮਾਰਚ ਜੋ ਕਿ ਵੈਨਕੂਵਰ ਆਰਟ ਗੈਲਰੀ ਤੋਂ ਸ਼ੁਰੂ ਹੋਕੇ 325 ਸੈਂਟ ਵੈਨਕੂਵਰ ਭਾਰਤੀ ਦੂਤਾਵਾਸ ਤੱਕ ਭਾਰੀ ਗਿਣਤੀ ਵਿੱਚ ਇਕੱਤਰ ਹੋ ਕਰਕੇ ਰੋਸ ਮੁਜ਼ਾਹਰਾ ਕੀਤਾ ਗਿਆ। ਵੱਡੇ ਵੱਡੇ ਬੈਨਰਾਂ ਉੱਪਰ ਭਾਰਤੀ ਸਰਕਾਰ ਵੱਲੋਂ ਢਾਹੇ ਜਾ ਰਹੇ ਜ਼ੁਲਮਾਂ ਦੀ ਦਾਸਤਾਨ ਪੇਸ਼ ਕਰਦੀਆਂ ਤਸਵੀਰਾਂ ਅਤੇ ਭਾਈ ਨਿੱਝਰ ਦਾ ਕਾਤਲ ਕੌਣ, ਦੀਪ ਸਿੱਧੂ ਦਾ ਕਾਤਲ ਕੌਣ, ਮੂਸੇਵਾਲੇ ਦਾ ਕਾਤਲ ਕੌਣ, ਸ਼ੁਭਕਰਨ ਦਾ ਕਾਤਲ ਕੌਣ, ਕਿਸਾਨੋ ਤੁਹਾਡਾ ਕਾਤਲ ਕੌਣ ਇੰਡੀਅਨ ਗੋਰਮੈਂਟ, ਇੰਡੀਅਨ ਗੋਰਮੈਂਟ ਦੇ ਨਾਹਰੇ ਅਸਮਾਨ ਤੱਕ ਗੂੰਜ ਕੇ ਹਿੰਦੂ ਕੱਟੜਪੰਥੀ ਰਜੀਮ ਨੂੰ ਪੂਰੀ ਦੁਨੀਆ ਸਾਹਮਣੇ ਨੰਗਾ ਕਰ ਰਹੇ ਸਨ। ਮਾਰਚ ਦੇ ਆਖ਼ਰੀ ਤੇ ਪੁੱਜੇ ਹੋਏ ਬੁਲਾਰਿਆਂ ਵਿੱਚ ਦੁਨੀਆ ਦੀਆਂ ਪ੍ਰਸਿੱਧ ਯੁਨੀਵਰਸਟੀਆਂ ਵਿੱਚ ਉੱਚ ਪੱਧਰ ਦੀਆਂ ਸੇਵਾਵਾਂ ਨਿਭਾਉਣ ਵਾਲੇ ਭਾਈ ਮੋਅ ਧਾਲੀਵਾਲ, ਨੋਜੁਆਨ ਸਕਾਲਰ ਭਾਈ ਗੁਰਕੀਰਤ ਸਿੰਘ ਕੋਠਾਗੁਰੂ, ਸਤਵੰਤ ਸਿੰਘ ਗਰੇਵਾਲ, ਗੁਰਮੁਖ ਸਿੰਘ ਦਿਓਲ, ਅਮੋਲਕ ਸਿੰਘ ਔਜਲਾ, ਭਾਈ ਮਨਜਿੰਦਰ ਸਿੰਘ ਐਸਐਫਜੇ ਅਤੇ ਗੁਰਦੁਆਰਾ ਸਾਹਿਬਾਨਾਂ ਦੇ ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਅਤੇ ਹਿੰਦ ਹਕੂਮਤ ਦੀ ਮਿਲੀ ਭੁਗਤ ਨਾਲ ਹੋ ਰਹੇ ਅਣਮਨੁੱਖੀ ਕਹਿਰ ਦੇ ਪਾਪਾਂ ਦਾ ਭਾਂਡਾ ਪੂਰੀ ਦੁਨੀਆ ਦੇ ਸਾਹਮਣੇ ਪੇਸ਼ ਕੀਤਾ ਅਤੇ ਨਿਖੇਧੀ ਕੀਤੀ। ਵਿਦੇਸ਼ਾਂ ਵਿੱਚ ਸਿੱਖਾਂ ਅਤੇ ਕਿਸਾਨਾਂ ਦੀ ਮਦਦ ਨਾਲ ਚਲਾਏ ਜਾ ਰਹੇ ਮੀਡੀਏ ਦੀ ਗੈਰਹਾਜ਼ਰੀ ਦੀ ਹਰੇਕ ਬੁਲਾਰੇ ਨੇ ਨਿੰਦਿਆ ਕੀਤੀ। ਸਿੱਖ ਮੀਡੀਆ ਵਲੋਂ ਭਾਈ ਨਰਿੰਦਰ ਸਿੰਘ ਰੰਧਾਵਾ ਅਤੇ ਇੰਗਲਿਸ਼ ਮੀਡੀਏ ਵੱਲੋ ਸਾਰੇ ਰੋਸ ਪ੍ਰਦਰਸ਼ਨ ਦੀ ਕਵਰਿੰਗ ਕੀਤੀ ਗਈ ਨਾਲ ਹੀ ਸਟੇਜ ਸੰਚਾਲਨ ਦੀ ਸੇਵਾ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਜਨਰਲ ਸਕੱਤਰ ਭਾਈ ਹੋਠੀ ਵੱਲੋ ਨਿਭਾਈ ਗਈ ਅੰਤ ਵਿਚ ਪ੍ਰਬੰਦਕਾਂ ਵਲੋਂ ਵੈਨਕੂਵਰ ਪੁਲੀਸ ਦੀ ਸੁੱਚਜੇ ਪ੍ਰਬੰਧਨ ਅਤੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਸਤਿਗੁਰ ਪ੍ਰਸਾਦਿ ॥

ਜੇਹਾ ਚੀਰੀ ਲਿਖਿਆ, ਤੇਹਾ ਹੁਕਮੁ ਕਮਾਹਿ । ਘਲੇ ਆਵਹਿ ਨਾਨਕਾ, ਸਦੇ ਉਠਿ ਜਾਇ ॥

ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪੂਜਨੀਕ ਪਿਤਾ ਜੀ



# ਸਵ: ਸ੍ਰ. ਮਲੂਕ ਸਿੰਘ ਵੜੈਂਚ ਜੀ

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 22 ਫਰਵਰੀ, 2024 ਦਿਨ ਵੀਰਵਾਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ । ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ੍ਰੀ ਸਹਿਜ ਪਾਠ ਜੀ ਦੇ ਭੋਗ ਅਤੇ ਅੰਤਿਮ ਅਰਦਾਸ

ਮਿਤੀ 2 ਮਾਰਚ, 2024 ਦਿਨ ਸ਼ਨੀਵਾਰ ਨੂੰ 11 ਵਜੇ ਤੋਂ 1 ਵਜੇ ਤੱਕ

ਸਥਾਨ ਰਾਮ ਮੁਹੰਮਦ ਸਿੰਘ ਅਜ਼ਾਦ ਕੰਪਲੈਕਸ, ਨਿਆਈ ਸਾਹਿਬ, ਸੁਨਾਮ

ਵਿਖੇ ਹੋਵੇਗੀ । ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ ।

**ਦੁਖੀ ਹਿਰਦੇ**

ਸ੍ਰ. ਗੁਰਨਾਮ ਸਿੰਘ ਵੜੈਂਚ (USA)
+1 415-596-9246, 78142-41845
ਸ੍ਰ. ਜਗਤਾਰ ਸਿੰਘ ਵੜੈਂਚ
ਸ੍ਰ. ਅਵਤਾਰ ਸਿੰਘ ਵੜੈਂਚ (USA)
ਸ੍ਰ. ਸੰਦੀਪ ਸਿੰਘ ਵੜੈਂਚ

ਸਮੂਹ ਵੜੈਂਚ ਪਰਿਵਾਰ
ਨਾਨਕਾ ਝੱਬਰ ਪਰਿਵਾਰ
ਮੋ: 98150-02761

ਸੰਘਰਸ਼ੀ ਯੋਧੇ ਭਾਈ ਗੁਰਨਾਮ ਸਿੰਘ ਵੜੈਚ (USA) ਪਿੰਡ ਸਿੰਘਪੁਰਾ ਨੇੜੇ ਸੁਨਾਮ ਜ਼ਿਲ੍ਹਾ ਸੰਗਰੂਰ ਦੇ ਸਤਿਕਾਰਯੋਗ ਪਿਤਾ ਸ, ਮਲੂਕ ਸਿੰਘ ਜਿਹੜੇ ਪਿਛਲੇ ਦਿਨੀਂ ਏਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ ਦੇ ਨਮਿਤ ਸ਼ਰਧਾਂਜਲੀ ਸਮਾਗਮ 2 ਮਾਰਚ 2024 ਨੂੰ ਹੇਠ ਦਿੱਤੇ ਪਤੇ ਤੇ ਹੋ ਰਿਹਾ ਹੈ,ਸੋ ਰਿਸ਼ਤੇਦਾਰ, ਮਿੱਤਰ, ਸਨੇਹੀਆਂ ਨੇ ਸਮੇਂ ਸਿਰ ਪਹੁੰਚ ਕੇ ਹਾਜ਼ਰੀ ਲਵਾਉਣ ਦੀ ਕ੍ਰਿਪਾਲਤਾ ਕਰਨੀ ਜੀ।

--✶ ਬੇਨਤੀ ਕਰਤਾ ✶--

ਭਾਈ ਰਵਿੰਦਰ ਸਿੰਘ ਧਾਲੀਵਾਲ ਸਟੋਕਟਨ
ਭਾਈ ਸੁਰਿੰਦਰ ਸਿੰਘ ਠੀਕਰੀਵਾਲ
ਬਾਬਾ ਬਖਸੀਸ ਸਿੰਘ ਨਿਜ਼ਾਮਣੀਵਾਲ
ਭਾਈ ਜੱਸਾ ਸਿੰਘ ਮਾਣਕੀ
ਭਾਈ ਦਲੀਪ ਸਿੰਘ ਖੱਟੜਾ

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਰਿਵਾਰ ਨਾਲ ਮੁਲਾਕਾਤ







ਅਸਾਮ ਦੀ ਡਿਬਰੂਗੜ ਜੇਲ ਵਿੱਚ ਲਗਭਗ ਇੱਕ ਸਾਲ ਤੋਂ ਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨਾਂ ਦੇ ਸਾਥੀ ਸਿੰਘਾਂ ਦੀ ਪੰਜਾਬ ਦੀ ਜੇਲ ਵਿੱਚ ਤਬਦੀਲੀ ਲਈ ਲੱਗੇ ਧਰਨੇ ਵਿੱਚ ਅੱਜ ਸ.ਵਿਰਸਾ ਸਿੰਘ ਵਲਟੋਹਾ ਨੇ ਹਾਜ਼ਰੀ ਭਰੀ ਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਸਤਿਕਾਰਯੋਗ ਪਿਤਾ ਜੀ,ਮਾਤਾ ਜੀ ਅਤੇ ਉਨਾਂ ਦੇ ਵੱਡੇ ਭਾਈ ਸਾਹਿਬ ਨਾਲ ਪੈਦਾ ਹੋਏ ਇਸ ਗੰਭੀਰ ਮਸਲੇ ’ਤੇ ਵਿਚਾਰਾਂ ਕੀਤੀਆਂ। ਉਨਾਂ ਕੇਂਦਰ ਤੇ ਪੰਜਾਬ ਸਰਕਾਰ ਨੂੰ ਕਿਹਾ ਕਿ ਸਿੱਖਾਂ ਨੂੰ ਜਲੀਲ ਨਾਂ ਕਰੋ ਉਨਾਂ ਨੇ ਕੌਮੀ ਮਸਲਿਆਂ ਲਈ ਆਪਸੀ ਕੁੜੱਤਣ ਨੂੰ ਛੱਡਕੇ, ਆਪਸੀ ਸਾਰੇ ਵਖਰੇਵਿਆਂ ਤੋਂ ਉੱਪਰ ਉੱਠਕੇ ਇਕਜੁੱਟਤਾ ਨਾਲ ਡਿਬਰੂਗੜ ਦੇ ਨਜ਼ਰਬੰਦਾਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਯਤਨ ਕਰਨ ਲਈ ਸੱਦਾ ਦਿੱਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਉੱਤਰ ਪ੍ਰਦੇਸ਼ ਬੋਰਡ ਦੀ ਦਸਵੀਂ ਦੀ ਪ੍ਰੀਖਿਆ ਵਿੱਚ ਅੰਮ੍ਰਿਤਧਾਰੀ ਸਿੱਖ ਬੱਚੇ ਦੀ ਕਿਰਪਾਨ ਉਤਰਵਾਉਣ ਪੁਰ ਸਕੂਲ ਪ੍ਰਿੰਸੀਪਲ ਨੇ ਖੇਦ ਵਿਅਕਤ ਕਰਦਿਆਂ ਮੁਆਫ਼ੀ ਮੰਗੀ

ਬੀਤੇ ਦਿਨੀਂ ਉੱਤਰ ਪ੍ਰਦੇਸ਼ (ਯੂਪੀ) ਬੋਰਡ ਦੀ ਦਸਵੀਂ ਕਲਾਸ ਦੀ ਪ੍ਰੀਖਿਆ ਵਿੱਚ ਸ. ਸਰਬਜੀਤ ਸਿੰਘ ਪੁੱਤਰ ਸ. ਗੁਰਬਚਨ ਸਿੰਘ ਨਿਵਾਸੀ ਪਿੰਡ ਪਚੋਕਰਾ ਥਾਣਾ ਰਘੂਪੁਰਾ ਜ਼ਿਲ੍ਹਾ ਗੌਤਮਬੁੱਧ ਨਗਰ ਯੂਪੀ ਪ੍ਰੀਖਿਆ ਦੇਣ ਲਈ ਜ਼ਿਲ੍ਹੇ ਦੇ ਆਦਰਸ਼ ਇੰਟਰ ਕਾਲਜ ਰੌਨੀਜਾ ਵਿੱਖੇ ਗਿਆ ਸੀ। ਸਕੂਲ ਪ੍ਰਬੰਧਕਾਂ ਦੁਆਰਾ ਅੰਮ੍ਰਿਤਧਾਰੀ ਸਿੱਖ ਬੱਚੇ ਸ. ਸਰਬਜੀਤ ਸਿੰਘ ਨੂੰ ਆਪਣਾ ਕਕਾਰ ਕਿਰਪਾਨ ਉਤਾਰਨ ਲਈ ਕਿਹਾ ਗਿਆ ਜਿਸ ਦੀ ਇਤਲਾਹ ਬੱਚੇ ਨੇ ਆਪਣੇ ਪਰਿਵਾਰ ਨੂੰ ਦਿੱਤੀ। ਪਰਿਵਾਰ ਵੱਲੋਂ ਤੁਰੰਤ ਇਹ ਮਾਮਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਦੇ ਧਿਆਨ ਵਿੱਚ ਲਿਆਂਦਾ ਗਿਆ। ਜਿਸ ਉਪਰੰਤ ਯੂਪੀ ਸਿੱਖ ਮਿਸ਼ਨ ਵੱਲੋਂ ਸਖ਼ਤੀ ਨਾਲ ਕਾਰਵਾਈ ਕਰਦੇ ਹੋਏ ਇਸ ਦੀ ਸ਼ਿਕਾਇਤ ਉੱਤਰ ਪ੍ਰਦੇਸ਼ ਮਾਧਮਿਕ ਸਿੱਖਿਆ ਨਿਦੇਸ਼ਕ ਡਾ. ਮਹਿੰਦਰ ਸਿੰਘ ਅਤੇ ਯੂਪੀ ਸਰਕਾਰ ਦੇ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਸ. ਪਰਵਿੰਦਰ ਸਿੰਘ ਜੀ ਪਾਸ ਕੀਤੀ ਗਈ। ਸ. ਪਰਵਿੰਦਰ ਸਿੰਘ ਦੁਆਰਾ ਤੁਰੰਤ ਕਾਰਵਾਈ ਕਰਦਿਆਂ ਸਬੰਧਤ ਉੱਚ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ। ਭਵਿੱਖ ਵਿੱਚ ਅਜਿਹੀ ਘਟਨਾ ਨਾ ਵਾਪਰੇ ਨੂੰ ਮੁੱਖ ਰੱਖਦਿਆਂ ਕਾਰਵਾਈ ਕਰਦੇ ਹੋਏ ਸਿੱਖ ਬੱਚੇ ਸ. ਸਰਬਜੀਤ ਸਿੰਘ ਨੂੰ ਸਨਮਾਨ ਸਹਿਤ ਸਮੇਤ ਕਿਰਪਾਨ ਪ੍ਰੀਖਿਆ ਵਿੱਚ ਬਿਠਾਇਆ ਗਿਆ। ਸਬੰਧਤ ਸਕੂਲ ਪ੍ਰਿੰਸੀਪਲ ਸ੍ਰੀ ਪ੍ਰੇਮ ਚੰਦ ਦੁਆਰਾ ਇਸ ਘਟਨਾ ਪੁਰ ਸਟਾਫ਼ ਨੂੰ ਇਸ ਸਬੰਧੀ ਜਾਣਕਾਰੀ ਨਾ ਹੋਣ ਦਾ ਜ਼ਿਕਰ ਕਰਦਿਆਂ ਖੇਦ ਵਿਅਕਤ ਕਰਦੇ ਹੋਏ ਮੁਆਫ਼ੀ ਮੰਗੀ ਅਤੇ ਭਵਿੱਖ ਵਿਚ ਕਦੇ ਵੀ ਅਜਿਹੀ ਘਟਨਾ ਨਾ ਹੋਣ ਦੇਣ ਦਾ ਵਿਸ਼ਵਾਸ ਦਿਵਾਇਆ। ਸਬੰਧਤ ਪਰਿਵਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੁਆਰਾ ਤੁਰੰਤ ਕਾਰਵਾਈ ਕਰਨ ਲਈ ਧੰਨਵਾਦ ਕੀਤਾ ਗਿਆ।

